**ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ**

**ਵਣ ਭਵਨ, ਸੈਕਟਰ-68, ਐੱਸ.ਏ.ਐੱਸ. ਨਗਰ।**

https://sssb.punjab.gov.in

**ਇਸ਼ਤਿਹਾਰ 04 ਆਫ 2025**


| ਲੜੀ ਨੰ. | ਵੇਰਵਾ | ਪੰਨਾ ਨੰਬਰ |
|---|---|---|
| 1. | ਮਹੱਤਵਪੂਰਨ ਮਿਤੀਆਂ | 1 |
| 2. | ਵਿਸਥਾਰਪੂਰਵਕ ਸੂਚਨਾਂ ਅਤੇ ਪੋਸਟਾਂ ਦਾ ਵਰਗੀਕਰਨ | 1 |
| 3. | ਅਸਾਮੀਆਂ ਦਾ ਵਿਸਥਾਰਪੂਰਵਰਕ ਕੈਟਾਗਰੀ-ਵਾਈਜ਼ ਵਰਗੀਕਰਨ | 1-3 |
| 4. | ਅਸਾਮੀਆਂ ਅਪਲਾਈ ਕਰਨ ਲਈ ਕੈਟਾਗਰੀ ਕੋਡ | 4 |
| 5 | ਰਾਖਵਾਂਕਰਨ ਸਬੰਧੀ ਹਦਾਇਤਾਂ | 4-5 |
| 6 | ਵਿੱਦਿਅਕ ਯੋਗਤਾ | 5-7 |
| 7 | ਤਨਖਾਹ ਸਕੇਲ ਅਤੇ ਭੱਤੇ | 7-8 |
| 8 | ਉਮਰ ਸੀਮਾ | 9 |
| 9 | ਫੀਸ ਸਬੰਧੀ ਵੇਰਵਾ | 10 |
| 10. | ਚੋਣ ਵਿਧੀ | 10-14 |
| 11. | ਅਪਲਾਈ ਕਰਨ ਦੀ ਵਿਧੀ | 14-16 |
| 12. | ਉਮੀਦਵਾਰ ਨੂੰ ਅਯੋਗ ਕਰਾਰ ਦੇਣ ਜਾਂ ਪਾਤਰਤਾ ਰੱਦ ਕਰਨ ਦੀਆਂ ਸ਼ਰਤਾਂ | 16 |
| 13 | ਬਿਨੈਕਾਰ ਦੇ ਧਿਆਨ ਹਿੱਤ ਜ਼ਰੂਰੀ ਹਦਾਇਤਾਂ | 16-19 |

**ਇਸ਼ਤਿਹਾਰ 04 ਆਫ 2025**

**ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ**
**ਵਣ ਭਵਨ, ਸੈਕਟਰ-68, ਐੱਸ.ਏ.ਐੱਸ. ਨਗਰ।**
https://sssb.punjab.gov.in

ਜਨਤਕ ਨਿਯੁਕਤੀਆਂ

| | |
|---|---|
| ਇਸ਼ਤਿਹਾਰ ਪ੍ਰਕਾਸ਼ਿਤ ਹੋਣ ਦੀ ਮਿਤੀ | 04.07.2025 |
| ਆਨਲਾਈਨ ਅਰਜ਼ੀਆਂ ਸਬਮਿਟ/ ਅਪਲਾਈ ਕਰਨ ਦੀ ਸ਼ੁਰੂਆਤੀ ਮਿਤੀ | 15.07.2025 |
| ਆਨਲਾਈਨ ਅਰਜ਼ੀਆਂ ਸਬਮਿਟ/ਅਪਲਾਈ ਕਰਨ ਦੀ ਆਖਰੀ ਮਿਤੀ | 05.08.2025 |
| ਫੀਸ ਭਰਨ ਦੀ ਆਖਰੀ ਮਿਤੀ | 08.08.2025 |

**ਜਾਣ-ਪਹਿਚਾਣ**

1. ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ ਦੀ ਸਥਾਪਨਾ ਭਾਰਤੀ ਸੰਵਿਧਾਨ ਦੀ ਧਾਰਾ 309 ਤਹਿਤ ਕੀਤੀ ਗਈ ਹੈ, ਜਿਸ ਦਾ ਮੁੱਖ ਮੰਤਵ ਪੰਜਾਬ ਸਰਕਾਰ ਦੇ ਅਦਾਰਿਆਂ ਵੱਲੋਂ ਪ੍ਰਾਪਤ ਹੋਏ ਮੰਗ ਪੱਤਰਾਂ ਅਨੁਸਾਰ ਪੰਜਾਬ ਸਰਕਾਰ ਦੇ ਅਦਾਰਿਆਂ ਵਿੱਚ ਗਰੁੱਪ ਬੀ, ਸੀ ਅਤੇ ਡੀ ਸੇਵਾਵਾਂ ਦੇ ਅਮਲੇ ਦੀ ਭਰਤੀ ਕਰਨਾ ਹੈ।

2. ਪੰਜਾਬ ਸਰਕਾਰ ਦੇ ਰੱਖਿਆਂ ਸੇਵਾਵਾਂ ਭਲਾਈ ਵਿਭਾਗ ਤੋਂ ਪ੍ਰਾਪਤ ਮੰਗ ਪੱਤਰ, ਅਸਾਮੀਆਂ ਦਾ ਵਰਗੀਕਰਨ ਅਤੇ ਪ੍ਰਾਪਤ ਨਿਯਮਾਂ ਅਨੁਸਾਰ ਗਰੁੱਪ-ਬੀ ਦੀਆਂ ਸੀਨੀਅਰ ਸਹਾਇਕ ਦੀਆਂ 07 ਅਤੇ ਗਰੁੱਪ ਸੀ ਦੀਆਂ ਕਲਰਕ ਦੀਆਂ 18, ਸੈਨਿਕ ਭਲਾਈ ਪ੍ਰਬੰਧਕ ਦੀਆਂ 52 ਤੇ ਡਰਾਇਵਰ ਦੀਆਂ 09 ਅਸਾਮੀਆਂ ਭਰਨ ਲਈ ਬੋਰਡ ਦੀ ਵੈਬ-ਸਾਈਟ ਤੇ ਯੋਗ ਉਮੀਦਵਾਰਾਂ ਤੋਂ ਮਿਤੀ 15.07.2025 ਤੋ ਲੈ ਕੇ ਮਿਤੀ 05.08.2025 ਤੱਕ ਕੇਵਲ ਆਨ-ਲਾਈਨ ਮੋਡ ਰਾਹੀਂ ਅਰਜੀਆਂ/ਬਿਨੈ-ਪੱਤਰਾਂ ਦੀ ਮੰਗ ਕੀਤੀ ਜਾਂਦੀ ਹੈ।

3. **ਵਿਸਥਾਰ-ਪੂਰਵਕ ਸੂਚਨਾ**

**(i) ਅਸਾਮੀ ਦਾ ਨਾਮ:- ਸੀਨੀਅਰ ਸਹਾਇਕ (07) (ਗਰੁੱਪ ਬੀ)**

| Sr. No. | Name of the Department | Category | A<br>Total No. of Vacancies | B<br>Vacancies reserved for Women (Out of A) |
|---|---|---|---|---|
| 1. | ਡਾਇਰੈਕਟੋਰੇਟ, ਰੱਖਿਆ ਸੇਵਾਵਾਂ ਭਲਾਈ ਵਿਭਾਗ | ESM General | 05 | 02 |
| | | ESM S.C. (M&B) | 01 | - |
| | | ESM S.C. (R&O) | 01 | 01 |
| | | **Total** | **07** | **03** |

(i) ਅਸਾਮੀ ਦਾ ਨਾਮ :-ਕਲਰਕ (18) (ਗਰੁੱਪ ਸੀ)

| Sr. No. | Name of the Department | Category | A<br>Total No. of Vacancies | B<br>Vacancies reserved for Women (Out of A) |
|---|---|---|---|---|
| 1. | ਡਾਇਰੈਕਟੋਰੇਟ, ਰੱਖਿਆ ਸੇਵਾਵਾਂ ਭਲਾਈ ਵਿਭਾਗ | ESM General | 02 | 02 |
| | | ESM S.C. (M&B) | 04 | 01 |
| | | ESM S.C. (R&O) | 03 | 01 |
| | | ESM BC | 02 | 01 |
| | | Sport SC (M&B) | 01 | 01 |
| | | Physically Handicapped Visually Impaired | 01 | - |
| | | Physically Handicapped Hearning Impaired | 01 | 01 |
| | | EWS | 04 | 02 |
| | | **Total** | **18** | **09** |

iii) ਅਸਾਮੀ ਦਾ ਨਾਮ:- ਸੈਨਿਕ ਭਲਾਈ ਪ੍ਰਬੰਧਕ (Sanik Welfare Organizer) (52) (ਗਰੁੱਪ ਸੀ)

| Sr. No. | Name of the Department | Category | A<br>Total No. of Vacancies | B<br>Vacancies reserved for Women (Out of A) |
|---|---|---|---|---|
| 1. | ਡਾਇਰੈਕਟੋਰੇਟ, ਰੱਖਿਆ ਸੇਵਾਵਾਂ ਭਲਾਈ ਵਿਭਾਗ | ESM General | 22 | - |
| | | ESM S.C. (M&B) | 07 | - |
| | | ESM S.C. (R&O) | 07 | - |
| | | ESM BC | 06 | - |
| | | Sport SC (M&B) | 01 | - |
| | | Physically Handicapped Visually Impaired | 01 | - |

| | | | | |
|---|---|---|---|---|
| | | Physically Handicapped Hearning Impaired | 01 | - |
| | | Freedom Fighter | 01 | |
| | | EWS | 06 | - |
| | | **Total** | **52** | |

**iv) ਅਸਾਮੀ ਦਾ ਨਾਮ:- ਡਰਾਇਵਰ (09) (ਗਰੁੱਪ ਸੀ)**

| Sr. No. | Name of the Department | Category | A<br>Total No. of Vacancies | B<br>Vacancies reserved for Women<br>(Out of A) |
|---|---|---|---|---|
| 1. | ਡਾਇਰੈਕਟੋਰੇਟ, ਰੱਖਿਆ ਸੇਵਾਵਾਂ ਭਲਾਈ ਵਿਭਾਗ | ESM General | 04 | - |
| | | ESM S.C. (M&B) | 01 | - |
| | | ESM S.C. (R&O) | 01 | - |
| | | ESM BC | 01 | - |
| 2 | | Physically Handicapped Visually Impaired | 01 | - |
| 3 | | EWS | 01 | - |
| | | **Total** | **09** | |

ਨੋਟ:

i) **ਉਕਤ ਅਸਾਮੀਆਂ ਦਾ ਕੈਟਾਗਰੀ ਵਾਈਜ਼ ਵਰਗੀਕਰਨ ਸਬੰਧਤ ਵਿਭਾਗ ਤੋਂ ਪ੍ਰਾਪਤ ਹੋਏ ਮੰਗ ਪੱਤਰ ਅਨੁਸਾਰ ਹੈ, ਜੋ ਕਿ ਭਵਿੱਖ ਵਿੱਚ ਸਬੰਧਤ ਵਿਭਾਗ/ਸਰਕਾਰ ਤੋਂ ਪ੍ਰਾਪਤ ਸੂਚਨਾ/ਫੈਸਲੇ ਦੇ ਸਨਮੁੱਖ ਤਬਦੀਲ ਵੀ ਕੀਤਾ ਜਾ ਸਕਦਾ ਹੈ।**

ii) **ਭਵਿੱਖ ਵਿੱਚ ਸਬੰਧਤ ਵਿਭਾਗ/ਸਰਕਾਰ ਤੋਂ ਪ੍ਰਾਪਤ ਸੂਚਨਾ/ਫੈਸਲੇ ਦੇ ਸਨਮੁੱਖ ਇਹ ਅਸਾਮੀਆਂ ਘਟਾਈਆਂ/ਵਧਾਈਆਂ ਜਾਂ ਖਾਰਜ ਵੀ ਕੀਤੀਆਂ ਜਾ ਸਕਦੀਆਂ ਹਨ।**

iii) **ਸ਼੍ਰੇਣੀ ਕੋਡ** (Category Codes): **ਇਨ੍ਹਾਂ ਅਸਾਮੀਆਂ ਦੇ ਸ਼੍ਰੇਣੀ ਕੋਡ ਹੇਠ ਦਰਸਾਏ ਅਨੁਸਾਰ ਹਨ। ਉਮੀਦਵਾਰਾਂ ਵੱਲੋਂ ਆਨ-ਲਾਈਨ ਅਪਲਾਈ ਕਰਨ ਸਮੇਂ ਸ਼੍ਰੇਣੀ ਅਤੇ ਸ਼੍ਰੇਣ ਕੋਡ ਨੂੰ ਧਿਆਨ ਵਿੱਚ ਰੱਖਦੇ ਹੋਏ ਅਪਲਾਈ ਕੀਤਾ ਜਾਵੇ।**

| Sr. No. | Category | Code |
|---|---|---|
| 1 | ESM General | 106 |
| 2 | EWS General | 102 |
| 3 | ESM S.C.(Mazhbi & Balmiki) | 108 |
| 4 | ESM S.C (R & O) | 110 |
| 5 | ESM B.C | 112 |
| 6. | Sports –S.C.(Mazhbi & Balmiki) | 115 |
| 7. | Physical Handicapped (Visually Impaired) | 118 |
| 8. | Physical Handicapped (Hearing Impaired) | 119 |
| 9. | Freedom fighter | 121 |

**ਰਾਖਵਾਂਕਰਨ/Reservation ਸਬੰਧੀ ਮਹੱਤਵਪੂਰਨ ਹਦਾਇਤਾਂ :**

(i) ਉਮੀਦਵਾਰ ਸ਼੍ਰੇਣੀ ਅਤੇ ਇਸਦੇ ਕੋਡ ਦਾ ਧਿਆਨ ਰੱਖਦੇ ਹੋਏ ਆਨਲਾਈਨ ਫਾਰਮ ਸੁਚੇਤ ਹੋ ਕੇ ਭਰਨ ਕਿਉਂਕਿ ਕਿਸੇ ਵੀ ਸਟੇਜ ਤੇ ਸ਼੍ਰੇਣੀ ਅਤੇ ਸ਼੍ਰੇਣੀ-ਕੋਡ ਤਬਦੀਲ ਨਹੀਂ ਕੀਤਾ ਜਾਵੇਗਾ।

(ii) ਉਮੀਦਵਾਰ ਕਿਸੇ ਵੀ ਅਜਿਹੀ ਸ਼੍ਰੇਣੀ ਵਿਰੁੱਧ ਅਪਲਾਈ ਨਾ ਕਰਨ ਜਿਸ ਦੀ ਅਸਾਮੀ ਉਪਰ ਦਰਸਾਈ ਸਾਰਣੀ ਵਿੱਚ ਦਰਜ ਨਹੀਂ ਹੈ। ਜੇਕਰ ਕੋਈ ਉਮੀਦਵਾਰ ਉਕਤ ਅਸਾਮੀਆਂ ਲਈ ਅਜਿਹੀ ਸ਼੍ਰੇਣੀ/ਸ਼੍ਰੇਣੀ ਕੋਡ ਦੇ ਵਿਰੁੱਧ ਅਪਲਾਈ ਕਰਦਾ ਹੈ, ਜਿਸਦੀ ਕੋਈ ਅਸਾਮੀ ਇਸ਼ਤਿਹਾਰ ਵਿੱਚ ਸ਼ਾਮਿਲ ਨਾ ਕੀਤੀ ਹੋਵੇ, ਉਸ ਸਥਿਤੀ ਵਿੱਚ ਅਜਿਹੇ ਪ੍ਰਾਰਥੀ ਦੀ ਪਾਤਰਤਾ ਮੁੱਢ ਤੋਂ ਹੀ ਰੱਦ ਮੰਨੀ ਜਾਵੇਗੀ।

(iii) ਰਾਖਵਾਂਕਰਨ ਦਾ ਲਾਭ ਕੇਵਲ ਪੰਜਾਬ ਦੇ ਵਸਨੀਕਾਂ ਨੂੰ ਹੀ ਮਿਲਣਯੋਗ ਹੋਵੇਗਾ, ਇਸ ਲਈ ਸ਼੍ਰੇਣੀ ਅਤੇ ਸ਼੍ਰੇਣੀ-ਕੋਡ ਭਰਨ ਸਮੇਂ ਉਮੀਦਵਾਰ ਇਸ ਗੱਲ ਦਾ ਧਿਆਨ ਰੱਖਣ। ਉਮੀਦਵਾਰ ਵੱਲੋਂ ਆਨਲਾਈਨ ਭਰੇ ਗਏ ਫਾਰਮ ਵਿੱਚ ਦਰਜ ਸ਼੍ਰੇਣੀ ਅਤੇ ਸ਼੍ਰੇਣੀ-ਕੋਡ ਦੇ ਆਧਾਰ ਤੇ ਹੀ ਉਸਦੀ ਪਾਤਰਤਾ ਨੂੰ ਵਿਚਾਰਿਆ ਜਾਵੇਗਾ।

(iv) ਰਾਖਵਾਂਕਰਨ ਦਾ ਲਾਭ ਲੈਣ ਲਈ ਉਮੀਦਵਾਰ ਪੰਜਾਬ ਦਾ ਵਸਨੀਕ ਹੋਣ ਦਾ ਤਾਜ਼ਾ ਜਾਰੀ ਹੋਇਆ ਸਰਟੀਫਿਕੇਟ (Domicile/Residence Certificate) ਪੇਸ਼ ਕਰੇਗਾ। ਇਹ ਸਰਟੀਫਿਕੇਟ ਹਰ ਸ਼੍ਰੇਣੀ ਦੇ ਉਮੀਦਵਾਰ (ਪੁਰਸ਼/ਇਸਤਰੀ) ਵੱਲੋਂ ਪੇਸ਼ ਕਰਨਾ ਲਾਜ਼ਮੀ ਹੈ। ਇਹ ਸਰਟੀਫਿਕੇਟ ਕੌਂਸਲਿੰਗ ਦੌਰਾਨ ਪੇਸ਼ ਕਰਨ ਸਮੇਂ ਕਿਸੇ ਵੀ ਸਥਿਤੀ ਵਿੱਚ 5 ਸਾਲ ਤੋਂ ਪੁਰਾਣਾ ਨਹੀਂ ਹੋਣਾ ਚਾਹੀਦਾ।

(v) ਅਨੁਸੂਚਿਤ ਜਾਤੀ/ਪੱਛੜੀ ਸ਼੍ਰੇਣੀ/ਸਾਬਕਾ ਫੌਜੀ/ਅੰਗਹੀਣ/ਖਿਡਾਰੀ/ਆਰਥਿਕ ਤੌਰ ਤੇ ਕਮਜ਼ੋਰ ਵਰਗ ਦਾ ਸਰਟੀਫਿਕੇਟ ਪੰਜਾਬ ਸਰਕਾਰ ਦੀਆਂ ਪ੍ਰਚੱਲਿਤ ਹਦਾਇਤਾਂ ਅਨੁਸਾਰ ਹੋਣਾ ਲਾਜ਼ਮੀ ਹੈ।

(vi) ਉਮੀਦਵਾਰ ਕਾਉਂਸਲਿੰਗ ਸਮੇਂ ਅਤੇ ਹੋਰ ਕਿਸੇ ਵੀ ਸਟੇਜ ਤੇ ਬੋਰਡ ਦੀ ਮੰਗ ਅਨੁਸਾਰ ਆਪਣੀ ਸ਼੍ਰੇਣੀ ਨਾਲ ਸਬੰਧਤ ਹਰ ਤਰ੍ਹਾਂ ਦਾ ਪੁਖਤਾ (Valid) ਸਰਟੀਫਿਕੇਟ ਸਬੂਤ ਵੱਜੋਂ ਪੇਸ਼ ਕਰੇਗਾ। ਕਾਉਂਸਲਿੰਗ ਸਮੇਂ ਕਿਸੇ ਵੀ ਲੋੜੀਂਦੇ ਦਸਤਾਵੇਜ ਦੀ ਅਣਹੋਂਦ ਵਿੱਚ ਉਮੀਦਵਾਰ ਨੂੰ ਉਪਰੋਕਤ

ਅਸਾਮੀਆਂ ਲਈ ਨਹੀਂ ਵਿਚਾਰਿਆ ਜਾਵੇਗਾ ਅਤੇ ਮੈਰਿਟ ਲਿਸਟ ਵਿੱਚ ਮੌਜੂਦ ਅਗਲੇ ਯੋਗ ਉਮੀਦਵਾਰ ਨੂੰ ਵਿਚਾਰਦੇ ਹੋਏ ਉਸਦਾ ਨਾਮ ਸਬੰਧਤ ਵਿਭਾਗ ਨੂੰ ਸਿਫਾਰਸ਼ ਕਰ ਦਿੱਤਾ ਜਾਵੇਗਾ।

vii) ਉਪਰੋਕਤ ਰਾਖਵਾਂਕਰਨ ਅਤੇ ਸ਼੍ਰੇਣੀ-ਵਾਈਜ਼ ਵਰਗੀਕਰਨ ਸਬੰਧਤ ਵਿਭਾਗ ਵੱਲੋਂ ਪ੍ਰਾਪਤ ਹੋਏ ਮੰਗ-ਪੱਤਰਾਂ ਵਿੱਚ ਦਰਸਾਏ ਵਰਗੀਕਰਨ ਅਨੁਸਾਰ ਹੀ ਹੈ। ਜੇਕਰ ਸਬੰਧਤ ਵਿਭਾਗ ਵੱਲੋਂ ਭਵਿੱਖ ਵਿੱਚ ਭਰਤੀ ਪ੍ਰਕਿਰਿਆ ਦੀ ਕਿਸੇ ਵੀ ਸਟੇਜ ਤੇ ਕਿਸੇ ਵੀ ਕਾਰਨ ਉਪਰੋਕਤ ਦਰਸਾਈਆਂ ਅਸਾਮੀਆਂ ਦੀ ਗਿਣਤੀ ਘਟਾਉਣ ਜਾਂ ਵਧਾਉਣ ਦਾ ਫੈਸਲਾ ਲਿਆ ਜਾਂਦਾ ਹੈ ਜਾਂ ਉਪਰੋਕਤ ਦਰਸਾਏ ਸ਼੍ਰੇਣੀਆਂ ਦੇ ਵਰਗੀਕਰਨ ਵਿੱਚ ਕਿਸੇ ਵੀ ਤਰ੍ਹਾਂ ਦੀ ਤਬਦੀਲੀ/ਸੋਧ ਕਰਨ ਦਾ ਫੈਸਲਾ ਲਿਆ ਜਾਂਦਾ ਹੈ ਤਾਂ ਬੋਰਡ ਦੁਆਰਾ ਇਸ ਸਬੰਧੀ Corrigendum/notice ਜਾਰੀ ਕਰਦੇ ਹੋਏ ਰਾਖਵਾਂਕਰਨ ਅਤੇ ਸ਼੍ਰੇਣੀ-ਵਾਈਜ਼ ਵਰਗੀਕਰਨ ਵਿੱਚ ਸੋਧ ਕੀਤੀ ਜਾ ਸਕਦੀ ਹੈ। ਅਜਿਹੀ ਹਰ ਤਰ੍ਹਾਂ ਦੀ ਸੋਧ ਸਮੂਹ ਉਮੀਦਵਾਰਾਂ ਤੇ ਲਾਗੂ ਹੋਵੇਗੀ ਅਤੇ ਹਰ ਉਮੀਦਵਾਰ ਇਸਦੀ ਪਾਲਣਾ ਕਰਨਾ ਯਕੀਨੀ ਬਣਾਏਗਾ।

੪. **ਵਿਦਿਅਕ ਯੋਗਤਾ:-**

| **ਲੜੀ ਨੰ.** | **ਅਸਾਮੀ ਦਾ ਨਾਮ** | **ਵਿਦਿਅਕ ਯੋਗਤਾ** |
|---|---|---|
| 1. | **ਸੀਨੀਅਰ ਸਹਾਇਕ** | i) Should be an Ex-Serviceman<br>ii) Should possess qualifications as specified in the Punjab Civil Services (General Conditions of Service) Rules, 1994, as amended from time to time.<br>iii) Should have qualified the test of typewriting in Punjabi and English language at the speed specified.<br>iv) In Punjab Civil Services (General and Common Conditions of Service) Rules, 1994, Clause 17. Knowledge of Punjabi Language- No person shall be appointed to any post in any service by direct appointment unless he has passed Matriculation examination with Punjabi as one of the compulsory or elective subjects or any other equivalent examination in Punjabi language which may be specified by the Government from time to time.” |

| | | | |
|---|---|---|---|
| 2. | ਕਲਰਕ | v) | Should be a graduate from a recognized University or passed the Indian Army Special Certificate of Education and should be an ex- Junior Commissioned officer or non- commissioned Officer of the Army or equivalent rank in the Navy or Air Force, and should have qualified the test of typewriting in Punjabi and English language at the speed specified in the Punjab Civil Services (General and Common Conditions of Service), Rules, 1994, as amended from time to time. |
| | | vi) | In Punjab Civil Services (General and Common Conditions of Service) Rules, 1994, Clause 17. Knowledge of Punjabi Language- No person shall be appointed to any post in any service by direct appointment unless he has passed Matriculation examination with Punjabi as one of the compulsory or elective subjects or any other equivalent examination in Punjabi language which may be specified by the Government from time to time." |
| 3. | ਸੈਨਿਕ ਭਲਾਈ ਪ੍ਰਬੰਧਕ | i) | Should be Matriculate of a recognized Board/ University or passed the Indian Army Special Certificate of Education and should be an Ex- Junior Commissioned officer of the Army or equivalent rank in the Navy or Air Force. |
| | | ii) | In Punjab Civil Services (General and Common Conditions of Service) Rules, 1994, 17. Knowledge of Punjabi Language- No person shall be appointed to any post in any service by direct appointment unless he has passed Matriculation examination with Punjabi as one of the compulsory or elective subjects or any other equivalent examination in Punjabi language which may be specified by the Government from time to time." |

| | | |
|---|---|---|
| 4 | **ਡਰਾਇਵਰ** | i) Should be an Ex- Serviceman;<br>ii) Should be middle pass with Punjabi as one of the subjects, or should hold the equivalent Army Educational Certificate; and<br>iii) Should hold a driving license for Light Motor Vehicle.<br>iv) In Punjab Civil Services (General and Common Conditions of Service) Rules, 1994, clause 17. Knowledge of Punjabi Language- Provided further that where educational qualifications for a post in any service are lower than the Matriculation standard, the person so appointed shall have to pass an examination of Punjabi language equivalent to Middle standard. |

ਨੋਟ :-

(i) ਵਿੱਦਿਅਕ ਯੋਗਤਾ/ਤਕਨੀਕੀ ਯੋਗਤਾ ਸਰਟੀਫਿਕੇਟ ਅਪਲਾਈ ਕਰਨ ਦੀ ਅੰਤਿਮ ਮਿਤੀ ਤੋਂ ਪਹਿਲਾਂ ਦਾ ਜਾਰੀ ਹੋਇਆ ਹੋਣਾ ਜਰੂਰੀ ਹੈ।

5. **ਤਨਖਾਹ ਸਕੇਲ ਅਤੇ ਭੱਤੇ**:-

| **ਲੜੀ ਨੰ.** | **ਅਸਾਮੀ ਦਾ ਨਾਮ** | **ਤਨਖਾਹ ਸਕੇਲ ਅਤੇ ਭੱਤੇ** | **ਵਿਸ਼ੇਸ ਕਥਨ** |
|---|---|---|---|
| 1. | **ਸੀਨੀਅਰ ਸਹਾਇਕ** | 35,400/- (L-6) | ਵਿੱਤ ਵਿਭਾਗ (ਵਿੱਤ ਪ੍ਰਸੋਨਲ-1 ਸ਼ਾਖਾ) ਦੇ ਪੱਤਰ ਨੰ: 7/204/2012-4FP1/66, ਮਿਤੀ 15/01/2015, ਪੱਤਰ ਨੰ: 07/204/2012-4FP-1/1049 ਮਿਤੀ 21.12.2015 ਅਤੇ ਪੱਤਰ ਨੰ. 7/87/2020-5FP-1/1145 ਮਿਤੀ 29.10.2020 ਦੇ ਸਨਮੁੱਖ ਕਰਮਚਾਰੀ ਦੇ |

| | | | |
|---|---|---|---|
| | | | ਪਰਖ ਕਾਲ ਸਮੇਂ ਦੌਰਾਨ ਉਸ ਨੂੰ ਕੇਵਲ ਮੁੱਢਲੀ ਤਨਖਾਹ ਹੀ ਮਿਲਣਯੋਗ ਹੋਵੇਗੀ। |
| 2. | **ਕਲਰਕ** | 19,900/ (L-2) | ਵਿੱਤ ਵਿਭਾਗ (ਵਿੱਤ ਪ੍ਰਸੋਨਲ-1 ਸ਼ਾਖਾ) ਦੇ ਪੱਤਰ ਨੰ: 7/204/2012-4FP1/66, ਮਿਤੀ 15/01/2015, ਪੱਤਰ ਨੰ: 07/204/2012-4FP-1/1049 ਮਿਤੀ 21.12.2015 ਅਤੇ ਪੱਤਰ ਨੰ. 7/87/2020-5FP-1/1145 ਮਿਤੀ 29.10.2020 ਦੇ ਸਨਮੁੱਖ ਕਰਮਚਾਰੀ ਦੇ ਪਰਖ ਕਾਲ ਸਮੇਂ ਦੌਰਾਨ ਉਸ ਨੂੰ ਕੇਵਲ ਮੁੱਢਲੀ ਤਨਖਾਹ ਹੀ ਮਿਲਣਯੋਗ ਹੋਵੇਗੀ। |
| 3. | **ਸੈਨਿਕ ਭਲਾਈ ਪ੍ਰਬੰਧਕ** | 25,500/( L-4) | ਵਿੱਤ ਵਿਭਾਗ (ਵਿੱਤ ਪ੍ਰਸੋਨਲ-1 ਸ਼ਾਖਾ) ਦੇ ਪੱਤਰ ਨੰ: 7/204/2012-4FP1/66, ਮਿਤੀ 15/01/2015, ਪੱਤਰ ਨੰ: 07/204/2012-4FP-1/1049 ਮਿਤੀ 21.12.2015 ਅਤੇ ਪੱਤਰ ਨੰ. 7/87/2020-5FP-1/1145 ਮਿਤੀ 29.10.2020 ਦੇ ਸਨਮੁੱਖ ਕਰਮਚਾਰੀ ਦੇ ਪਰਖ ਕਾਲ ਸਮੇਂ ਦੌਰਾਨ ਉਸ ਨੂੰ ਕੇਵਲ ਮੁੱਢਲੀ ਤਨਖਾਹ ਹੀ ਮਿਲਣਯੋਗ ਹੋਵੇਗੀ। |

| | | | |
|---|---|---|---|
| 4. | **ਡਰਾਇਵਰ** | 21,700/( L-3) | ਵਿੱਤ ਵਿਭਾਗ (ਵਿੱਤ ਪ੍ਰਸੋਨਲ-1 ਸ਼ਾਖਾ) ਦੇ ਪੱਤਰ ਨੰ: 7/204/2012-4FP1/66, ਮਿਤੀ 15/01/2015, ਪੱਤਰ ਨੰ: 07/204/2012-4FP-1/1049 ਮਿਤੀ 21.12.2015 ਅਤੇ ਪੱਤਰ ਨੰ. 7/87/2020-5FP-1/1145 ਮਿਤੀ 29.10.2020 ਦੇ ਸਨਮੁੱਖ ਕਰਮਚਾਰੀ ਦੇ ਪਰਖ ਕਾਲ ਸਮੇਂ ਦੌਰਾਨ ਉਸ ਨੂੰ ਕੇਵਲ ਮੁੱਢਲੀ ਤਨਖਾਹ ਹੀ ਮਿਲਣਯੋਗ ਹੋਵੇਗੀ। |

ਨੋਟ:-

i) ਕਲਰਕ, ਸੈਨਿਕ ਭਲਾਈ ਪ੍ਰਬੰਧਕ ਅਤੇ ਡਰਾਇਵਰ ਦੀ ਅਸਾਮੀਆਂ ਲਈ ਪੰਜਾਬ ਸਰਕਾਰ ਦੇ ਨੋਟੀਫਿਕੇਸ਼ਨ ਨੰ,GSR72/Const/Art.309/Amd. (22)/2022, ਮਿਤੀ 28.10.2022 ਅਨੁਸਾਰ ਉਮੀਦਵਾਰ ਨੂੰ ਦਸਵੀਂ ਪੱਧਰ ਦੀ ਪੰਜਾਬੀ ਭਾਸ਼ਾ ਦੀ qualifying nature ਦੀ ਪ੍ਰੀਖਿਆ ਵਿੱਚ 50% ਅੰਕ ਲੈਣੇ ਲਾਜ਼ਮੀ ਹਨ। ਇਸ ਨਿਯਮ ਦੀ ਇਬਾਰਤ ਹੇਠ ਅਨੁਸਾਰ ਹੈ:

"Provided that no person shall be appointed to any post in Group-'C' service unless he had passed a qualifying test of Punjabi Languague equivalent to Matriculation standard with at least fifty percent marks, to be conducted by respective recruitment agenices in addition to competitive examination. The test of Punjabi Language shall be mandatory qualifying test and failure to secure a minimum of fifty percent marks in Punjabi Language will disqualify the candidate for being considered in the final merit list of candidates to be selected irrespective of their scores or marks in other papers of the respective exam.

6. **ਉਮਰ ਸੀਮਾ**:-

ਉਪਰੋਕਤ ਅਸਾਮੀ ਲਈ ਉਮਰ ਸੀਮਾ ਰਿਕਰੂਟਮੈਂਟ ਆਫ਼ ਐਕਸ ਸਰਵਿਸਮੈਨ ਰੂਲਜ਼ 1982 ਮੁਤਾਬਿਕ ਹੇਠ ਲਿਖੇ ਅਨੁਸਾਰ ਹੋਵੇਗੀ:

(I) ਪੰਜਾਬ ਦੇ ਵਸਨੀਕ ਸਾਬਕਾ ਫੌਜੀਆਂ ਦੇ ਕੇਸ ਵਿੱਚ ਉਪਰਲੀ ਉਮਰ ਸੀਮਾ Punjab Recruitment of Ex-servicemen Rules, 1982 ਵਿੱਚ ਸਮੇਂ-ਸਮੇਂ ਹੋਈਆਂ ਸੋਧਾਂ ਅਨੁਸਾਰ ਹੋਵੇਗੀ। ਇਹ ਉਮਰ ਸੀਮਾ ਉਨ੍ਹਾਂ ਦੀ ਫੌਜ ਵਿੱਚ ਕੀਤੀ ਸੇਵਾ ਦਾ ਸਮਾਂ ਉਨ੍ਹਾਂ ਦੀ ਉਮਰ ਵਿੱਚੋਂ ਘਟਾਉਣ ਤੋਂ ਬਾਅਦ ਬਾਕੀ ਬਚੀ ਉਮਰ ਜੇਕਰ ਸੇਵਾ ਰੂਲਾਂ ਅਨੁਸਾਰ ਅਸਾਮੀ ਦੀ ਉਪਰਲੀ ਉਮਰ ਸੀਮਾ ਤੋਂ 3 ਸਾਲ ਤੋਂ ਵੱਧ ਨਹੀਂ ਹੋਵੇਗੀ ਤਾਂ ਮੰਨਿਆ ਜਾਵੇਗਾ ਕਿ ਉਹ ਉਮਰ ਸੀਮਾ ਦੀਆਂ ਸ਼ਰਤਾਂ ਪੂਰੀਆਂ ਕਰਦਾ ਹੈ।

(V) ਪੰਜਾਬ ਦੇ ਵਸਨੀਕ ਅੰਗਹੀਣਾਂ ਲਈ ਉਪਰਲੀ ਉਮਰ ਸੀਮਾ ਵਿੱਚ 10 ਸਾਲ ਛੋਟ ਦਿੰਦੇ ਹੋਏ ਵੱਧ ਤੋਂ ਵੱਧ ਉਮਰ ਸੀਮਾ 47 ਸਾਲ ਹੋਵੇਗੀ।

(VI) The upper age limit for widows, divorcees and certain other categories of married women as per instructions issued by the Government of Punjab vide Letter No. 1/50/83-5PP(1368)/3454 Dated 23/04/1984 will be relaxed up to 40 years.

ਨੋਟ:- **ਰਾਜ ਅਤੇ ਕੇਂਦਰੀ ਸਰਕਾਰ ਦੇ ਕਰਮਚਾਰੀਆਂ ਨੂੰ ਉਮਰ ਦੀ ਉਪਰਲੀ ਸੀਮਾ ਵਿੱਚ ਛੋਟ ਲੈਣ ਲਈ ਆਪਣੇ ਵਿਭਾਗ ਤੋਂ** NOC **ਲੈ ਕੇ ਕੌਂਸਲਿੰਗ ਸਮੇਂ ਪੇਸ਼ ਕਰਨਾ ਪਵੇਗਾ।**

7. **ਫੀਸ ਸਬੰਧੀ ਵੇਰਵਾ**:-

**ਗਰੁੱਪ ਬੀ ਲਈ:-**

| | | |
|---|---|---|
| ਆਮ ਵਰਗ (GEN)/ਸੁਤੰਤਰਤਾ ਸੰਗਰਾਮੀ/ਖਿਡਾਰੀ | = | 1500/- ਰੁ: |
| ਐਸ.ਸੀ.(SC) (M& B and R& O)/ਬੀ.ਸੀ.(BC) | = | 750/- ਰੁ: |
| EWS, ਸਾਬਕਾ ਫੌਜੀ(Ex-servicemen)/ ਦਿਵਿਆਂਗਜਨ (Handicapped) | = | 500/- ਰੁ: |

**ਗਰੁੱਪ ਸੀ ਲਈ:-**

| | | |
|---|---|---|
| ਆਮ ਵਰਗ (GEN)/ਸੁਤੰਤਰਤਾ ਸੰਗਰਾਮੀ/ਖਿਡਾਰੀ | = | 1000/- ਰੁ: |
| ਐਸ.ਸੀ.(SC) (M& B and R& O)/ਬੀ.ਸੀ.(BC)/ (EWS) | = | 250/- ਰੁ: |
| ਸਾਬਕਾ ਫੌਜੀ (Ex-servicemen Self ) | = | 200/- ਰੁ: |
| ਦਿਵਿਆਂਗਜਨ (Handicapped) | = | 500/- ਰੁ |

**ਨੋਟ: ਉਮੀਦਵਾਰ ਦੁਆਰਾ ਇੱਕ ਵਾਰ ਅਦਾ ਕੀਤੀ ਫੀਸ ਕਿਸੇ ਵੀ ਸਥਿਤੀ ਵਿੱਚ ਵਾਪਸ ਨਹੀਂ ਕੀਤੀ ਜਾਵੇਗੀ।**

**ਚੋਣ ਵਿਧੀ**:

(ੳ) **ਸੀਨੀਅਰ ਸਹਾਇਕ:-**

i) **ਪ੍ਰਕਾਸ਼ਿਤ ਕੀਤੀਆਂ** ਸੀਨੀਅਰ ਸਹਾਇਕਾਂ ਦੀਆਂ ਅਸਾਮੀਆਂ ਲਈ ਸਫਲਤਾਪੂਰਵਕ ਬਿਨੈ ਕਰਨ ਵਾਲੇ ਯੋਗ ਉਮੀਦਵਾਰਾਂ ਦੀ Objective type (Multiple Choice Questions) ਲਿਖਤੀ ਪ੍ਰੀਖਿਆ ਹੋਵੇਗੀ।

ii) ਲਿਖਤੀ ਪ੍ਰੀਖਿਆ ਵਿੱਚੋਂ ਸਮਰੱਥ ਅਥਾਰਟੀ ਦੇ ਫੈਸਲੇ ਅਨੁਸਾਰ ਬੁਲਾਏ ਜਾਣ ਵਾਲੇ ਉਮੀਦਵਾਰਾਂ ਦਾ ਅੰਗਰੇਜੀ ਅਤੇ ਪੰਜਾਬੀ (In Unicode Complaint Font Raavi) ਵਿੱਚ ਘੱਟੋ-ਘੱਟ 30 ਸ਼ਬਦ ਪ੍ਰਤੀ ਮਿੰਟ ਦੀ ਸਪੀਡ ਲਈ ਟਾਈਪ ਟੈਸਟ ਲਿਆ ਜਾਵੇਗਾ।

iii) ਅੰਗਰੇਜੀ ਅਤੇ ਪੰਜਾਬੀ ਦਾ ਟਾਈਪ ਟੈਸਟ ਕੰਪਿਊਟਰ ਤੇ ਲਿਆ ਜਾਵੇਗਾ। ਪੰਜਾਬੀ ਦਾ ਟਾਈਪ ਟੈਸਟ Unicode Complaint Font Raavi ਵਿੱਚ ਲਿਆ ਜਾਵੇਗਾ।

iv) ਅੰਗਰਜ਼ੀ ਅਤੇ ਪੰਜਾਬੀ ਦਾ ਟਾਈਪ ਟੈਸਟ ਕੇਵਲ Qualifying Nature ਦਾ ਹੋਵੇਗਾ ਅਤੇ ਇਹ ਟਾਈਪ ਟੈਸਟ Qualify ਕਰਨਾ ਲਾਜ਼ਮੀ ਹੋਵੇਗਾ। Common Merit List ਟਾਈਪ ਟੈਸਟ ਪਾਸ ਉਮੀਦਵਾਰਾਂ ਦੇ ਲਿਖਤੀ ਪ੍ਰੀਖਿਆ ਪ੍ਰਾਪਤ ਅੰਕਾਂ ਦੇ ਆਧਾਰ ਤੇ ਤਿਆਰ ਕੀਤੀ ਜਾਵੇਗੀ।

v) ਟਾਈਪ ਟੈਸਟ ਪਾਸ ਉਮੀਦਵਾਰਾਂ ਵਿੱਚੋਂ ਕੁੱਲ ਅਸਾਮੀਆਂ ਤੋਂ ਤਿੰਨ ਗੁਣਾਂ ਜਾਂ ਸਮਰੱਥ ਅਥਾਰਟੀ ਦੇ ਫੈਸਲੇ ਅਨੁਸਾਰ ਨਿਰਧਾਰਿਤ ਗਿਣਤੀ ਵਿੱਚ ਉਮੀਦਵਾਰਾਂ ਨੂੰ ਕੌਂਸਲਿੰਗ ਲਈ ਬੁਲਾਇਆ ਜਾਵੇਗਾ।

vi) ਜੇਕਰ ਦੋ ਜਾਂ ਦੋ ਤੋਂ ਵੱਧ ਉਮੀਦਵਾਰਾਂ ਦੀ ਲਿਖਤੀ ਪ੍ਰੀਖਿਆ ਦੀ ਮੈਰਿਟ ਦੀ ਬਰਾਬਰਤਾ ਸਬੰਧੀ ਕੋਈ ਮਾਮਲਾ ਸਾਹਮਣੇ ਆਉਂਦਾ ਹੈ ਤਾਂ ਇਸ ਸਬੰਧੀ ਬਰਾਬਰ ਅੰਕ ਹਾਸਲ ਉਮੀਦਵਾਰਾਂ ਦੀ ਜਨਮ ਮਿਤੀ ਨੂੰ ਵਿਚਾਰਦੇ ਹੋਏ ਵੱਧ ਉਮਰ ਵਾਲੇ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਏਗੀ। ਜੇਕਰ ਜਨਮ ਮਿਤੀ ਅਨੁਸਾਰ ਉਮਰ ਵਿੱਚ ਵੀ ਬਰਾਬਰਤਾ ਪਾਈ ਜਾਂਦੀ ਹੈ ਤਾਂ ਇਸ ਉਪਰੰਤ ਅਸਾਮੀ ਲਈ ਲੋੜੀਂਦੀ ਵਿਦਿਅਕ ਯੋਗਤਾ ਦੀ ਅੰਕ ਪ੍ਰਤੀਸ਼ਤਤਾ ਨੂੰ ਵਿਚਾਰਦੇ ਹੋਏ ਵੱਧ ਅੰਕ ਹਾਸਲ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਏਗੀ। ਜੇਕਰ ਇਸ ਉਪਰੰਤ ਵੀ ਅੰਕਾਂ ਦੀ ਬਰਾਬਰਤਾ ਦਾ ਮਾਮਲਾ ਨਹੀਂ ਸੁਲਝਦਾ ਹੈ ਤਾਂ ਮੈਟ੍ਰਿਕ ਦੇ ਅੰਕਾਂ ਨੂੰ ਵਿਚਾਰਦੇ ਹੋਏ ਵੱਧ ਮੈਟ੍ਰਿਕ ਅੰਕ ਹਾਸਲ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਏਗੀ। ਇਸ ਵਿਧੀ ਅਨੁਸਾਰ ਮੈਰਿਟ ਦੀ ਬਰਾਬਰਤਾ ਦੇ ਮਾਮਲੇ ਵਿੱਚ ਅਧੀਨ ਸੇਵਾਵਾਂ ਚੋਣ ਬੋਰਡ ਦੁਆਰਾ ਲਿਆ ਗਿਆ ਫੈਸਲਾ ਅੰਤਿਮ ਹੋਵੇਗਾ ਅਤੇ ਇਹ ਸਭ ਉਮੀਦਵਾਰਾਂ ਤੇ ਲਾਗੂ ਹੋਵੇਗਾ।

vii) ਲਿਖਤੀ ਪ੍ਰੀਖਿਆ ਅਤੇ ਟਾਈਪ ਟੈਸਟ ਲਈ ਰੋਲ ਨੰਬਰ, ਸਲੇਬਸ ਅਤੇ ਹੋਰ ਜਾਣਕਾਰੀ ਬੋਰਡ ਦੀ ਵੈਬਸਾਈਟ https://sssb.punjab.gov.in ਤੇ ਸਮੇਂ-ਸਮੇਂ ਤੇ ਜਾਰੀ ਕੀਤੀ ਜਾਵੇਗੀ।

viii) ਇਸ ਲਈ ਉਮੀਦਵਾਰ ਸਮੇਂ-ਸਮੇਂ ਤੇ ਬੋਰਡ ਦੀ ਵੈੱਬਸਾਈਟ ਚੈੱਕ ਕਰਦੇ ਰਹਿਣਗੇ। ਕਿਸੇ ਵੀ ਉਮੀਦਵਾਰ ਨਾਲ ਵਿਅਕਤੀਗਤ ਤੌਰ ਤੇ ਪੱਤਰ ਵਿਹਾਰ ਨਹੀਂ ਕੀਤਾ ਜਾਵੇਗਾ।

**(ਅ) ਕਲਰਕ:-**

ix) **ਪ੍ਰਕਾਸ਼ਿਤ ਕੀਤੀਆ** ਕਲਰਕਾਂ ਦੀਆਂ ਅਸਾਮੀਆਂ ਲਈ ਸਫਲਤਾਪੂਰਵਕ ਬਿਨੈ ਕਰਨ ਵਾਲੇ ਯੋਗ ਉਮੀਦਵਾਰਾਂ ਦੀ Objective type (Multiple Choice Questions) ਲਿਖਤੀ ਪ੍ਰੀਖਿਆ ਹੋਵੇਗੀ। ਲਿਖਤੀ ਪ੍ਰੀਖਿਆ ਵਿੱਚੋਂ ਸਮਰੱਥ ਅਥਾਰਟੀ ਦੇ ਫੈਸਲੇ ਅਨੁਸਾਰ ਬੁਲਾਏ ਜਾਣ ਵਾਲੇ ਉਮੀਦਵਾਰਾਂ ਦਾ ਅੰਗਰੇਜੀ ਅਤੇ ਪੰਜਾਬੀ (In Unicode Complaint Font Raavi) ਵਿੱਚ ਘੱਟੋ-ਘੱਟ 30 ਸ਼ਬਦ ਪ੍ਰਤੀ ਮਿੰਟ ਦੀ ਸਪੀਡ ਲਈ ਟਾਈਪ ਟੈਸਟ ਲਿਆ ਜਾਵੇਗਾ।

x) ਅੰਗਰੇਜੀ ਅਤੇ ਪੰਜਾਬੀ ਦਾ ਟਾਈਪ ਟੈਸਟ ਕੰਪਿਊਟਰ ਤੇ ਲਿਆ ਜਾਵੇਗਾ। ਪੰਜਾਬੀ ਦਾ ਟਾਈਪ ਟੈਸਟ Unicode Complaint Font Raavi ਵਿੱਚ ਲਿਆ ਜਾਵੇਗਾ।

xi) ਅੰਗਰਜ਼ੀ ਅਤੇ ਪੰਜਾਬੀ ਦਾ ਟਾਈਪ ਟੈਸਟ ਕੇਵਲ Qualifying Nature ਦਾ ਹੋਵੇਗਾ ਅਤੇ ਇਹ ਟਾਈਪ ਟੈਸਟ Qualify ਕਰਨਾ ਲਾਜ਼ਮੀ ਹੋਵੇਗਾ। Common Merit List ਟਾਈਪ ਟੈਸਟ ਪਾਸ ਉਮੀਦਵਾਰਾਂ ਦੇ ਲਿਖਤੀ ਪ੍ਰੀਖਿਆ ਪ੍ਰਾਪਤ ਅੰਕਾਂ ਦੇ ਆਧਾਰ ਤੇ ਤਿਆਰ ਕੀਤੀ ਜਾਵੇਗੀ।

xii) ਟਾਈਪ ਟੈਸਟ ਪਾਸ ਉਮੀਦਵਾਰਾਂ ਵਿੱਚੋਂ ਕੁੱਲ ਅਸਾਮੀਆਂ ਤੋਂ ਤਿੰਨ ਗੁਣਾਂ ਜਾਂ ਸਮਰੱਥ ਅਥਾਰਟੀ ਦੇ ਫੈਸਲੇ ਅਨੁਸਾਰ ਨਿਰਧਾਰਿਤ ਗਿਣਤੀ ਵਿੱਚ ਉਮੀਦਵਾਰਾਂ ਨੂੰ ਕੌਂਸਲਿੰਗ ਲਈ ਬੁਲਾਇਆ ਜਾਵੇਗਾ।

xiii) ਜੇਕਰ ਦੋ ਜਾਂ ਦੋ ਤੋਂ ਵੱਧ ਉਮੀਦਵਾਰਾਂ ਦੀ ਲਿਖਤੀ ਪ੍ਰੀਖਿਆ ਦੀ ਮੈਰਿਟ ਦੀ ਬਰਾਬਰਤਾ ਸਬੰਧੀ ਕੋਈ ਮਾਮਲਾ ਸਾਹਮਣੇ ਆਉਂਦਾ ਹੈ ਤਾਂ ਇਸ ਸਬੰਧੀ ਬਰਾਬਰ ਅੰਕ ਹਾਸਲ ਉਮੀਦਵਾਰਾਂ ਦੀ ਜਨਮ ਮਿਤੀ ਨੂੰ ਵਿਚਾਰਦੇ ਹੋਏ ਵੱਧ ਉਮਰ ਵਾਲੇ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਏਗੀ। ਜੇਕਰ ਜਨਮ ਮਿਤੀ ਅਨੁਸਾਰ ਉਮਰ ਵਿੱਚ ਵੀ ਬਰਾਬਰਤਾ ਪਾਈ ਜਾਂਦੀ ਹੈ ਤਾਂ ਇਸ ਉਪਰੰਤ ਅਸਾਮੀ ਲਈ ਲੋੜੀਂਦੀ ਵਿਦਿਅਕ ਯੋਗਤਾ ਦੀ ਅੰਕ ਪ੍ਰਤੀਸ਼ਤਤਾ ਨੂੰ ਵਿਚਾਰਦੇ ਹੋਏ ਵੱਧ ਅੰਕ ਹਾਸਲ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਏਗੀ। ਜੇਕਰ ਇਸ ਉਪਰੰਤ ਵੀ ਅੰਕਾਂ ਦੀ ਬਰਾਬਰਤਾ ਦਾ ਮਾਮਲਾ ਨਹੀਂ ਸੁਲਝਦਾ ਹੈ ਤਾਂ ਮੈਟ੍ਰਿਕ ਦੇ ਅੰਕਾਂ ਨੂੰ ਵਿਚਾਰਦੇ ਹੋਏ ਵੱਧ ਮੈਟ੍ਰਿਕ ਅੰਕ ਹਾਸਲ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਏਗੀ। ਇਸ ਵਿਧੀ ਅਨੁਸਾਰ ਮੈਰਿਟ ਦੀ ਬਰਾਬਰਤਾ ਦੇ ਮਾਮਲੇ ਵਿੱਚ ਅਧੀਨ ਸੇਵਾਵਾਂ ਚੋਣ ਬੋਰਡ ਦੁਆਰਾ ਲਿਆ ਗਿਆ ਫੈਸਲਾ ਅੰਤਿਮ ਹੋਵੇਗਾ ਅਤੇ ਇਹ ਸਭ ਉਮੀਦਵਾਰਾਂ ਤੇ ਲਾਗੂ ਹੋਵੇਗਾ।

xiv) ਲਿਖਤੀ ਪ੍ਰੀਖਿਆ ਅਤੇ ਟਾਈਪ ਟੈਸਟ ਲਈ ਰੋਲ ਨੰਬਰ, ਸਲੇਬਸ ਅਤੇ ਹੋਰ ਜਾਣਕਾਰੀ ਬੋਰਡ ਦੀ ਵੈਬਸਾਈਟ https://sssb.punjab.gov.in ਤੇ ਸਮੇਂ-ਸਮੇਂ ਤੇ ਜਾਰੀ ਕੀਤੀ ਜਾਵੇਗੀ।

xv) ਇਸ ਲਈ ਉਮੀਦਵਾਰ ਸਮੇਂ-ਸਮੇਂ ਤੇ ਬੋਰਡ ਦੀ ਵੈੱਬਸਾਈਟ ਚੈੱਕ ਕਰਦੇ ਰਹਿਣਗੇ। ਕਿਸੇ ਵੀ ਉਮੀਦਵਾਰ ਨਾਲ ਵਿਅਕਤੀਗਤ ਤੌਰ ਤੇ ਪੱਤਰ ਵਿਹਾਰ ਨਹੀਂ ਕੀਤਾ ਜਾਵੇਗਾ।

**(ੲ) <u>ਸੈਨਿਕ ਭਲਾਈ ਪ੍ਰਬੰਧਕ:-</u>**

- ਪ੍ਰਕਾਸ਼ਿਤ ਕੀਤੀਆਂ ਸੈਨਿਕ ਭਲਾਈ ਪ੍ਰਬੰਧਕ ਦੀ ਅਸਾਮੀਆਂ ਲਈ Common Merit List ਹੇਠਾ ਦਰਸਾਏ ਮਾਪਦੰਡ ਅਨੁਸਾਰ ਬਣਾਈ ਜਾਵੇਗੀ।

ਮਾਪਦੰਡ:- ਕੁੱਲ ਨੰਬਰ - 100 ਨੰਬਰ

i) ਮੈਟ੍ਰਿਕ ਪਾਸ ਸਰਟੀਫਿਕੇਟ ਦੇ ਨੰਬਰ - 50 ਨੰਬਰ

ii) ਆਰਮੀ, ਨੇਵੀ ਅਤੇ ਏਅਰਫੋਰਸ ਵਿੱਚ ਕੀਤੀ ਸੇਵਾ ਦੇ ਨੰਬਰ - 50 ਨੰਬਰ

(ੳ, ਅ,ਸ ਅਤੇ ਹ ਨੂੰ ਮਿਲਾ ਕੇ)

(ੳ) ਫੌਜ਼ ਵਿੱਚ ਸੇਵਾ

| | | |
|---|---|---|
| 30 ਸਾਲ ਅਤੇ ਇਸ ਤੋਂ ਉੱਪਰ ਤੱਕ | 25 ਸਾਲ ਤੋਂ 30 ਸਾਲ ਤੱਕ | 25 ਸਾਲ ਤੋਂ ਘੱਟ |
| 10 ਨੰਬਰ | 08 ਨੰਬਰ | 06 ਨੰਬਰ |

(ਅ) ਸਿਵਲ ਵਿੱਦਿਅਕ ਯੋਗਤਾ

| | |
|---|---|
| Post Graduation and above | Computer Course from Recognized Institute |
| 10 ਨੰਬਰ | 05 ਨੰਬਰ |

(ੲ) Honrary Rank-

| | |
|---|---|
| Captain and Equivalent of Navy/ Airforce | Lieutenant and Equivalent of Navy/ Aiforce |
| 10 ਨੰਬਰ | 08 ਨੰਬਰ |

(ਸ) ਅਵਾਰਡ

| Gallantry(Chakra Series) | Gallantry (Other than Chakra Series) | Distinguished | Chief of Army/Navy/Airforce Commendation |
|---|---|---|---|
| 10 ਨੰਬਰ | 08 ਨੰਬਰ | 06 ਨੰਬਰ | 04 ਨੰਬਰ |

(ਹ) ਫੌਜ਼ ਵਿੱਚ ਕਰੈਕਟਰ/ਆਚਰਣ

| Exemplary | Very Good | Good |
|---|---|---|
| 10 ਨੰਬਰ | 06 ਨੰਬਰ | 04 ਨੰਬਰ |

iii) ਜੇਕਰ ਦੋ ਜਾਂ ਦੋ ਤੋਂ ਵੱਧ ਉਮੀਦਵਾਰਾਂ ਦੀ ਮੈਰਿਟ ਦੀ ਬਰਾਬਰਤਾ ਸਬੰਧੀ ਕੋਈ ਮਾਮਲਾ ਸਾਹਮਣੇ ਆਉਂਦਾ ਹੈ ਤਾਂ ਇਸ ਸਬੰਧੀ ਬਰਾਬਰ ਅੰਕ ਹਾਸਲ ਉਮੀਦਵਾਰਾਂ ਦੀ ਜਨਮ ਮਿਤੀ ਨੂੰ ਵਿਚਾਰਦੇ ਹੋਏ ਵੱਧ ਉਮਰ ਵਾਲੇ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਏਗੀ। ਜੇਕਰ ਜਨਮ ਮਿਤੀ ਅਨੁਸਾਰ ਉਮਰ ਵਿੱਚ ਵੀ ਬਰਾਬਰਤਾ ਪਾਈ ਜਾਂਦੀ ਹੈ ਤਾਂ ਇਸ ਉਪਰੰਤ ਅਸਾਮੀ ਲਈ ਲੋੜੀਂਦੀ ਵਿਦਿਅਕ ਯੋਗਤਾ ਦੀ ਅੰਕ ਪ੍ਰਤੀਸ਼ਤਤਾ ਨੂੰ ਵਿਚਾਰਦੇ ਹੋਏ ਵੱਧ ਅੰਕ ਹਾਸਲ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਏਗੀ। ਜੇਕਰ ਇਸ ਉਪਰੰਤ ਵੀ ਅੰਕਾਂ ਦੀ ਬਰਾਬਰਤਾ ਦਾ ਮਾਮਲਾ ਨਹੀਂ ਸੁਲਝਦਾ ਹੈ ਤਾਂ ਮੈਟ੍ਰਿਕ ਦੇ ਅੰਕਾਂ ਨੂੰ ਵਿਚਾਰਦੇ ਹੋਏ ਵੱਧ ਮੈਟ੍ਰਿਕ ਅੰਕ ਹਾਸਲ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਏਗੀ। ਇਸ ਵਿਧੀ ਅਨੁਸਾਰ ਮੈਰਿਟ ਦੀ ਬਰਾਬਰਤਾ ਦੇ ਮਾਮਲੇ ਵਿੱਚ ਅਧੀਨ ਸੇਵਾਵਾਂ ਚੋਣ ਬੋਰਡ ਦੁਆਰਾ ਲਿਆ ਗਿਆ ਫੈਸਲਾ ਅੰਤਿਮ ਹੋਵੇਗਾ ਅਤੇ ਇਹ ਸਭ ਉਮੀਦਵਾਰਾਂ ਤੇ ਲਾਗੂ ਹੋਵੇਗਾ।

iv) ਉਕਤ ਅਸਾਮੀ ਲਈ ਰੋਲ ਨੰਬਰ ਹੋਰ ਜਾਣਕਾਰੀ ਬੋਰਡ ਦੀ ਵੈਬਸਾਈਟ https://sssb.punjab.gov.in ਤੇ ਸਮੇਂ-ਸਮੇਂ ਤੇ ਜਾਰੀ ਕੀਤੀ ਜਾਵੇਗੀ। ਇਸ ਲਈ ਉਮੀਦਵਾਰ ਸਮੇਂ-ਸਮੇਂ ਤੇ ਬੋਰਡ ਦੀ ਵੈੱਬਸਾਈਟ ਚੈੱਕ ਕਰਦੇ ਰਹਿਣਗੇ। ਕਿਸੇ ਵੀ ਉਮੀਦਵਾਰ ਨਾਲ ਵਿਅਕਤੀਗਤ ਤੌਰ ਤੇ ਪੱਤਰ ਵਿਹਾਰ ਨਹੀਂ ਕੀਤਾ ਜਾਵੇਗਾ।

**(ਸ) ਡਰਾਇਵਰ-**

i) **ਪ੍ਰਕਾਸ਼ਿਤ ਕੀਤੀਆਂ** ਡਰਾਇਵਰ ਦੀਆਂ ਅਸਾਮੀਆਂ ਲਈ ਸਫਲਤਾਪੂਰਵਕ ਬਿਨੈ ਕਰਨ ਵਾਲੇ ਯੋਗ ਉਮੀਦਵਾਰਾਂ ਦੀ Objective type (Multiple Choice Questions) ਲਿਖਤੀ ਪ੍ਰੀਖਿਆ ਹੋਵੇਗੀ। ਲਿਖਤੀ ਪ੍ਰੀਖਿਆ ਵਿੱਚੋਂ ਪਾਸ ਹੋਣ ਵਾਲੇ ਅੰਕਾਂ ਦੇ ਆਧਾਰ ਤੇ ਹੀ Common Merit List ਤਿਆਰ ਕੀਤੀ ਜਾਵੇਗੀ।

ii) ਜੇਕਰ ਦੋ ਜਾਂ ਦੋ ਤੋਂ ਵੱਧ ਉਮੀਦਵਾਰਾਂ ਦੀ ਲਿਖਤੀ ਪ੍ਰੀਖਿਆ ਦੀ ਮੈਰਿਟ ਦੀ ਬਰਾਬਰਤਾ ਸਬੰਧੀ ਕੋਈ ਮਾਮਲਾ ਸਾਹਮਣੇ ਆਉਂਦਾ ਹੈ ਤਾਂ ਇਸ ਸਬੰਧੀ ਬਰਾਬਰ ਅੰਕ ਹਾਸਲ ਉਮੀਦਵਾਰਾਂ ਦੀ ਜਨਮ

ਮਿਤੀ ਨੂੰ ਵਿਚਾਰਦੇ ਹੋਏ ਵੱਧ ਉਮਰ ਵਾਲੇ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਏਗੀ। ਜੇਕਰ ਜਨਮ ਮਿਤੀ ਅਨੁਸਾਰ ਉਮਰ ਵਿੱਚ ਵੀ ਬਰਾਬਰਤਾ ਪਾਈ ਜਾਂਦੀ ਹੈ ਤਾਂ ਇਸ ਉਪਰੰਤ ਅਸਾਮੀ ਲਈ ਲੋੜੀਂਦੀ ਵਿਦਿਅਕ ਯੋਗਤਾ ਦੀ ਅੰਕ ਪ੍ਰਤੀਸ਼ਤਤਾ ਨੂੰ ਵਿਚਾਰਦੇ ਹੋਏ ਵੱਧ ਅੰਕ ਹਾਸਲ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਏਗੀ। ਜੇਕਰ ਇਸ ਉਪਰੰਤ ਵੀ ਅੰਕਾਂ ਦੀ ਬਰਾਬਰਤਾ ਦਾ ਮਾਮਲਾ ਨਹੀਂ ਸੁਲਝਦਾ ਹੈ ਤਾਂ ਮੈਟ੍ਰਿਕ ਦੇ ਅੰਕਾਂ ਨੂੰ ਵਿਚਾਰਦੇ ਹੋਏ ਵੱਧ ਮੈਟ੍ਰਿਕ ਅੰਕ ਹਾਸਲ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਏਗੀ। ਇਸ ਵਿਧੀ ਅਨੁਸਾਰ ਮੈਰਿਟ ਦੀ ਬਰਾਬਰਤਾ ਦੇ ਮਾਮਲੇ ਵਿੱਚ ਅਧੀਨ ਸੇਵਾਵਾਂ ਚੋਣ ਬੋਰਡ ਦੁਆਰਾ ਲਿਆ ਗਿਆ ਫੈਸਲਾ ਅੰਤਿਮ ਹੋਵੇਗਾ ਅਤੇ ਇਹ ਸਭ ਉਮੀਦਵਾਰਾਂ ਤੇ ਲਾਗੂ ਹੋਵੇਗਾ।

iii) ਲਿਖਤੀ ਪ੍ਰੀਖਿਆ, ਰੋਲ ਨੰਬਰ, ਸਲੇਬਸ ਅਤੇ ਹੋਰ ਜਾਣਕਾਰੀ ਬੋਰਡ ਦੀ ਵੈਬਸਾਈਟ https://sssb.punjab.gov.in ਤੇ ਸਮੇਂ-ਸਮੇਂ ਤੇ ਜਾਰੀ ਕੀਤੀ ਜਾਵੇਗੀ। ਇਸ ਲਈ ਉਮੀਦਵਾਰ ਸਮੇਂ-ਸਮੇਂ ਤੇ ਬੋਰਡ ਦੀ ਵੈੱਬਸਾਈਟ ਚੈੱਕ ਕਰਦੇ ਰਹਿਣਗੇ। ਕਿਸੇ ਵੀ ਉਮੀਦਵਾਰ ਨਾਲ ਵਿਅਕਤੀਗਤ ਤੌਰ ਤੇ ਪੱਤਰ ਵਿਹਾਰ ਨਹੀਂ ਕੀਤਾ ਜਾਵੇਗਾ।

**8. ਅਪਲਾਈ ਕਰਨ ਦੀ ਵਿਧੀ:**

I. ਉਮੀਦਵਾਰ ਬੋਰਡ ਦੀ ਵੈਬਸਾਈਟ https://sssb.punjab.gov.in ਤੇ "Online Applications" ਅਧੀਨ ਮੁਹੱਈਆ ਲਿੰਕ ਤੇ ਕਲਿਕ ਕਰਕੇ **ਮਿਤੀ 15/07/2025 ਤੋਂ 05/08/2025 ਸ਼ਾਮ 5:00 ਵਜੇ ਤੱਕ** ਕੇਵਲ ਆਨਲਾਈਨ ਹੀ ਅਪਲਾਈ ਕਰ ਸਕਦੇ ਹਨ। ਹੋਰ ਕਿਸੇ ਵੀ ਵਿਧੀ ਰਾਹੀਂ ਪ੍ਰਾਪਤ ਐਪਲੀਕੇਸ਼ਨ ਸਵੀਕਾਰ ਨਹੀਂ ਕੀਤੀ ਜਾਵੇਗੀ ਅਤੇ ਇਹ ਰੱਦ ਸਮਝੀ ਜਾਵੇਗੀ।

II. ਆਨਲਾਈਨ ਅਪਲਾਈ ਕਰਨ ਦੀਆਂ ਹਦਾਇਤਾਂ (instructions) ਬੋਰਡ ਦੀ ਵੈਬਸਾਈਟ ਤੇ ਮੌਜੂਦ ਇਸ ਭਰਤੀ ਦੇ ਲਿੰਕ ਹੇਠ ਦਰਜ਼ ਹਨ। ਉਮੀਦਵਾਰ ਇਸ ਲਿੰਕ ਤੇ ਕਲਿਕ ਕਰਨ ਉਪਰੰਤ ਇੰਨ੍ਹਾਂ ਹਦਾਇਤਾਂ ਨੂੰ ਧਿਆਨ ਨਾਲ ਪੜ੍ਹ ਕੇ ਹੀ ਹਰ ਇੱਕ Step ਨੂੰ ਸਫਲਤਾਪੂਰਵਕ ਮੁਕੰਮਲ ਕਰਨ।

III. **ਬਿਨੈਕਾਰ ਨੂੰ ਹਰ ਅਸਾਮੀ ਲਈ ਵੱਖਰਾ ਆਨਲਾਈਨ ਫਾਰਮ ਅਤੇ ਵੱਖਰੀ ਫੀਸ ਭਰਨੀ ਹੋਵੇਗੀ ਭਾਵ ਜੇਕਰ ਕੋਈ ਬਿਨੈਕਾਰ ਦੋ/ਤਿੰਨ ਅਸਾਮੀਆਂ ਲਈ ਅਪਲਾਈ ਕਰਨਾ ਚਾਹੁੰਦਾ ਹੈ ਤਾਂ ਉਸਨੂੰ ਦੋ/ਤਿੰਨ ਵੱਖਰੇ ਆਨਲਾਈਨ ਫਾਰਮ ਸਬਮਿਟ ਕਰਨੇ ਹੋਣਗੇ ਅਤੇ ਹਰ ਫਾਰਮ ਦੀ ਵੱਖਰੀ ਫੀਸ ਅਦਾ ਕਰਨਾ ਹੋਵੇਗੀ। ਇਸ ਮੰਤਵ ਲਈ ਬਿਨੈਕਾਰ ਨੂੰ ਬੋਰਡ ਦੀ ਵੈਬਸਾਈਟ ਤੇ ਮੌਜੂਦ ਭਰਤੀ ਦੇ ਲਿੰਕ ਤੇ ਕਲਿਕ ਕਰਕੇ ਸਭ ਤੋਂ ਪਹਿਲਾਂ ਦਰਸਾਈਆਂ ਅਸਾਮੀਆਂ ਵਿੱਚੋਂ ਇੱਕ ਦੀ ਚੋਣ ਕਰਨੀ ਹੋਵੇਗੀ ਜਿਸ ਲਈ ਉਹ ਬਿਨੈ ਕਰਨਾ ਚਾਹੁੰਦਾ ਹੈ।**

IV. ਉਮੀਦਵਾਰ ਅਸਾਮੀ ਦੀ ਚੋਣ ਕਰਨ ਉਪਰੰਤ ਸਭ ਤੋਂ ਪਹਿਲਾਂ ਆਪਣੀ ਨਿੱਜੀ ਜਾਣਕਾਰੀ ਭਰਕੇ ਰਜਿਸਟਰੇਸ਼ਨ ਕਰਨਗੇ। ਰਜਿਸਟਰੇਸ਼ਨ ਸਫਲ ਹੋਣ ਉਪਰੰਤ Username generate ਹੋ ਜਾਏਗਾ, ਜਿਸਦੀ ਵਰਤੋਂ ਕਰਕੇ ਉਮੀਦਵਾਰ ਫਿਰ ਤੋਂ Login ਕਰਕੇ Step-wise ਹਰ ਪੱਖੋਂ ਮੁਕੰਮਲ Application Form ਭਰਨਗੇ ਅਤੇ ਇਸਨੂੰ Submit ਕਰਨਗੇ। ਪ੍ਰੰਤੂ ਇਹ Application Form ਫੀਸ ਦੀ ਸਫਲਤਾਪੂਰਵਕ ਅਦਾਇਗੀ ਹੋਣ ਉਪਰੰਤ ਹੀ ਸਵੀਕਾਰ ਹੋਏਗਾ।

V. ਉਮੀਦਵਾਰ Online Application Form ਭਰਨ ਸਮੇਂ ਆਪਣੀ ਪਾਸਪੋਰਟ ਸਾਈਜ਼ ਫੋਟੋਗਰਾਫ, ਹਸਤਾਖਰ ਅਤੇ ਲੋੜੀਂਦੇ ਵਿਦਿਅਕ ਯੋਗਤਾ ਜਿਵੇਂ ਕਿ ਮੈਟ੍ਰਿਕ ਦਾ ਜਨਮ ਮਿਤੀ ਵਾਲਾ ਸਰਟੀਫਿਕੇਟ, ਬਾਰਵੀਂ ਦਾ ਸਰਟੀਫਿਕੇਟ ਅਤੇ ਡਿਪਲੋਮਾ/ਗਰੈਜੁਏਸ਼ਨ/ਕੋਰਸ ਸਰਟੀਫਿਕੇਟ ਆਦਿ ਸਕੈਨ ਕਰਕੇ ਅਪਲੋਡ ਕਰਨਗੇ। ਇੰਨ੍ਹਾਂ ਦਸਤਾਵੇਜਾਂ ਦੇ ਅਪਲੋਡ ਹੋਣ ਅਤੇ ਮੁਕੰਮਲ Online Application Form submit ਹੋਣ ਤੋਂ ਬਾਅਦ ਇੱਕ ਦਿਨ ਛੱਡ ਕੇ ਅਗਲੇ ਦਿਨ ਭਾਵ ਫਾਰਮ ਸਬਮਿਟ ਕਰਨ ਤੋਂ ਤੀਸਰੇ ਦਿਨ ਤੋਂ ਹੀ ਫੀਸ ਜਮ੍ਹਾ/ਅਦਾ ਕੀਤੀ ਜਾ ਸਕੇਗੀ।

VI. ਅਪਲਾਈ ਕਰਨ ਦੀ ਲੋੜੀਂਦੀ ਫੀਸ ਜਮ੍ਹਾਂ ਕਰਵਾਉਣ ਦੀ **ਆਖਰੀ ਮਿਤੀ 08/08/2025** ਹੋਵੇਗੀ। ਫੀਸ ਭਰਨ ਲਈ ਉਮੀਦਵਾਰ ਰਜਿਸਟਰੇਸ਼ਨ ਕਰਨ ਉਪਰੰਤ ਬੋਰਡ ਦੀ ਵੈਬਸਾਈਟ ਤੇ ਮੌਜੂਦ ਭਰਤੀ ਦੇ ਲਿੰਕ ਤੇ ਕਲਿੱਕ ਕਰਕੇ "Upload Photo Sign/Pay Fee/Print Application" ਲਿੰਕ ਤੇ ਕਲਿਕ ਕਰਕੇ Login ਕਰਨਗੇ। **ਬੋਰਡ ਦੀ ਵੈਬਸਾਈਟ ਤੇ Login ਕਰਨ ਲਈ Registration Number ਅਤੇ ਜਨਮ ਮਿਤੀ DD/MM/YYYY ਫਾਰਮੇਟ ਵਿੱਚ ਭਰਨੀ ਹੋਵੇਗੀ। ਆਨਲਾਈਨ ਫੀਸ ਭਰਨ ਲਈ ਬੈਂਕ ਦੀ ਵੈਬਸਾਈਟ ਤੇ LOGIN ਕਰਨ ਲਈ Registration Number ਅਤੇ ਜਨਮ ਮਿਤੀ DDMMYYYY ( ' / ' ਤੋਂ ਬਿਨਾ) ਫਾਰਮੇਟ ਵਿੱਚ ਭਰਨੀ ਹੋਵੇਗੀ।**

VII. ਉਮੀਦਵਾਰ Online Application Submit ਕਰਨ ਉਪਰੰਤ ਵੈਬਸਾਈਟ ਤੇ ਮੌਜੂਦ "Upload Photo Sign/Pay Fee/Print Application" ਲਿੰਕ ਤੇ ਕਲਿੱਕ ਕਰਕੇ ਫੀਸ ਦਾ ਭੁਗਤਾਨ ਕਰ ਸਕਣਗੇ। ਉਮੀਦਵਾਰ Online Application Form submit/ਜਮ੍ਹਾਂ ਹੋਣ ਦੀ ਮਿਤੀ ਤੋਂ ਬਾਅਦ ਇੱਕ ਦਿਨ ਛੱਡ ਕੇ ਅਗਲੀ ਮਿਤੀ ਤੋਂ ਲੈ ਕੇ **ਫੀਸ ਅਦਾ ਕਰਨ ਦੀ ਆਖਰੀ ਮਿਤੀ 08/08/2025** ਤੱਕ ਕਿਸੇ ਵੀ ਕੰਮ-ਕਾਜ ਵਾਲੇ ਦਿਨ ਸਟੇਟ ਬੈਂਕ ਆਫ ਇੰਡੀਆ (State Bank of India) ਦੀ ਕਿਸੇ ਵੀ ਸ਼ਾਖਾ ਵਿੱਚ ਚਲਾਨ ਰਾਹੀਂ ਜਾਂ ਕਿਸੇ ਵੀ ਦਿਨ Net Banking ਜਾਂ Credit Card ਜਾਂ Debit Card ਜਾਂ UPI ਰਾਹੀਂ ਫੀਸ ਜਮ੍ਹਾ ਕਰਵਾ ਸਕਣਗੇ। ਅਪਲਾਈ ਕਰਨ ਦੀ ਆਖਰੀ ਮਿਤੀ 05-08-2025 ਨੂੰ ਸ਼ਾਮ 05-00 ਵਜੇ ਤੋਂ ਤੁਰੰਤ ਬਾਅਦ ਹਰ ਉਮੀਦਵਾਰ ਫੀਸ ਜਮ੍ਹਾ ਕਰਵਾ ਸਕਦਾ ਹੈ। ਇਸ ਸਮੇਂ ਤੋਂ ਬਾਅਦ ਕਿਸੇ ਵੀ ਉਮੀਦਵਾਰ ਨੂੰ ਇੱਕ ਦਿਨ ਛੱਡ ਕੇ ਅਗਲੀ ਮਿਤੀ ਦਾ ਇੰਤਜਾਰ ਕਰਨ ਦੀ ਜਰੂਰਤ ਨਹੀਂ ਹੈ। ਕਿਸੇ ਕਾਰਨ ਫੀਸ ਜਮਾਂ ਨਾ ਹੋਣ ਦੀ ਸੂਰਤ ਵਿੱਚ ਬੋਰਡ ਦੀ ਕੋਈ ਜਿੰਮੇਵਾਰੀ ਨਹੀਂ ਹੋਵੇਗੀ।

VIII. ਉਮੀਦਵਾਰ ਦੁਆਰਾ ਲੋੜੀਂਦੀ ਫੀਸ ਜਮ੍ਹਾ ਕਰਵਾਉਣ ਉਪਰੰਤ ਹੀ Online ਅਪਲਾਈ ਕਰਨ ਦੀ ਪ੍ਰਕਿਰਿਆ ਮੁਕੰਮਲ ਹੋ ਸਕੇਗੀ ਅਤੇ Online Application Form ਸਵੀਕਾਰ ਹੋਏਗਾ। ਇਸ ਉਪਰੰਤ ਹੀ ਫੀਸ ਅਦਾ ਕਰਨ ਦੀ ਮਿਤੀ ਤੋਂ ਬਾਅਦ ਇੱਕ ਦਿਨ ਛੱਡ ਕੇ ਅਗਲੀ ਮਿਤੀ ਤੋਂ Online Application Form Generate/Download ਹੋ ਸਕੇਗਾ। ਉਮੀਦਵਾਰ ਇਸ ਫਾਰਮ ਦਾ ਪ੍ਰਿੰਟ ਲੈ ਕੇ ਭਵਿੱਖ ਲਈ ਸੰਭਾਲ ਕੇ ਰੱਖਣ ਲਈ ਜਿੰਮੇਵਾਰ ਹੋਣਗੇ।

IX. ਜੇਕਰ ਉਮੀਦਵਾਰ ਵੱਲੋਂ ਆਨਲਾਈਨ ਫਾਰਮ ਭਰਨ ਸਮੇਂ ਕੋਈ ਗਲਤੀ ਹੋ ਜਾਂਦੀ ਹੈ ਤਾਂ ਸਿਰਫ Application form online submit ਕਰਨ ਤੋਂ ਪਹਿਲਾਂ ਹੀ ਉਸ ਪਾਸ ਫਾਰਮ ਵਿੱਚ ਸੋਧ ਕਰਨ ਦਾ ਮੌਕਾ ਹੋਵੇਗਾ। ਉਮੀਦਵਾਰ ਦੁਆਰਾ ਇੱਕ ਵਾਰ Application Form ਸਬਮਿਟ ਕਰਨ ਉਪਰੰਤ ਕਿਸੇ

X. ਵੀ ਹਾਲਤ ਵਿੱਚ ਇਸ ਵਿੱਚ ਕਿਸੇ ਵੀ ਤਰ੍ਹਾਂ ਦੀ ਸੋਧ ਨਹੀਂ ਕੀਤੀ ਜਾ ਸਕੇਗੀ ਅਤੇ ਨਾ ਹੀ ਭਵਿੱਖ ਵਿੱਚ ਸੋਧ ਕਰਨ ਸਬੰਧੀ ਉਮੀਦਵਾਰ ਦੀ ਕੋਈ ਪ੍ਰਤੀਬੇਨਤੀ/ਮੰਗ ਦਫਤਰ ਵੱਲੋਂ ਸਵੀਕਾਰ ਕੀਤੀ ਜਾਏਗੀ।

XI. ਕਿਸੇ ਵੀ ਉਮੀਦਵਾਰ ਨੂੰ ਫੀਸ ਦੀ ਮੁਆਫੀ/ਛੋਟ ਨਹੀਂ ਦਿੱਤੀ ਜਾਵੇਗੀ ਅਤੇ ਫੀਸ ਦਾ ਭੁਗਤਾਨ ਨਾ ਕਰਨ ਦੀ ਹਾਲਤ ਵਿੱਚ ਉਸਦਾ Application form ਅਧੂਰਾ ਸਮਝਦੇ ਹੋਏ ਸਵੀਕਾਰ ਨਹੀਂ ਕੀਤਾ ਜਾਏਗਾ ਅਤੇ ਉਸਦੀ ਅਰਜੀ/ਪਾਤਰਤਾ ਮੁੱਢ ਤੋਂ ਹੀ ਰੱਦ ਸਮਝੀ ਜਾਵੇਗੀ।

XII. ਕਿਸੇ ਹੋਰ ਵਿਧੀ ਰਾਹੀਂ ਭੇਜੀ ਗਈ ਅਰਜੀ ਜਾਂ ਕਿਸੇ ਹੋਰ ਵਿਧੀ ਰਾਹੀਂ ਜਮ੍ਹਾਂ ਕਰਵਾਈ ਗਈ ਫੀਸ ਨੂੰ ਵੈਲਿਡ (valid) ਨਹੀਂ ਮੰਨਿਆ ਜਾਵੇਗਾ ਅਤੇ ਅਜਿਹੀ ਅਰਜੀ ਨੂੰ ਸਵੀਕਾਰ ਨਾ ਕਰਦੇ ਹੋਏ ਰੱਦ ਕਰ ਦਿੱਤਾ ਜਾਏਗਾ।

XIII. Challan/Net Banking/Credit Card/Debit Card/UPI ਰਾਹੀਂ ਅਦਾ ਕੀਤੀ ਗਈ ਫੀਸ ਦੀ Transaction ਕਿਸੇ ਵੀ ਕਾਰਨ ਕਰਕੇ ਅਸਫਲ ਹੋਣ ਦੀ ਸਥਿਤੀ ਵਿੱਚ ਉਮੀਦਵਾਰ ਦੀ Application ਜਮ੍ਹਾਂ ਨਹੀਂ ਹੋਈ ਮੰਨੀ ਜਾਵੇਗੀ ਅਤੇ ਇੱਕ ਵਾਰ ਅਦਾ ਕੀਤੀ ਫੀਸ ਨਾ-ਮੋੜਨਯੋਗ ਹੋਵੇਗੀ।

**9. ਉਮੀਦਵਾਰ ਨੂੰ ਅਯੋਗ ਕਰਾਰ ਦੇਣ ਜਾਂ ਪਾਤਰਤਾ ਰੱਦ ਕਰਨ ਦੀਆਂ ਸ਼ਰਤਾਂ:**

ਹੇਠ ਦਰਸਾਈ ਕਿਸੇ ਵੀ ਸਥਿਤੀ ਵਿੱਚ ਉਮੀਦਵਾਰ ਨੂੰ ਅਯੋਗ ਕਰਾਰ ਦਿੰਦੇ ਹੋਏ ਉਸਦੀ ਪਾਤਰਤਾ ਰੱਦ ਕਰ ਦਿੱਤੀ ਜਾਵੇਗੀ:-

(i) ਪੂਰੀ ਫੀਸ ਪ੍ਰਾਪਤ ਨਾ ਹੋਣ ਜਾਂ ਨਿਰਧਾਰਤ ਵਿਧੀ ਅਨੁਸਾਰ ਫੀਸ ਜਮ੍ਹਾਂ ਨਾ ਕਰਵਾਉਣ ਜਾਂ ਕਿਸੇ ਵੀ ਕਾਰਨ ਫੀਸ ਪ੍ਰਾਪਤ ਨਾ ਹੋਣ ਦੀ ਸਥਿਤੀ ਵਿੱਚ ਪਾਤਰਤਾ ਰੱਦ ਸਮਝੀ ਜਾਏਗੀ;

(ii) ਬਿਨੈ-ਪੱਤਰ ਵਿੱਚ ਅਧੂਰੀ ਜਾਂ ਗਲਤ ਸੂਚਨਾ ਭਰਨਾ;

(iii) ਆਨਲਾਈਨ ਬਿਨੈ ਕਰਨ ਦੀ ਪੂਰੀ ਪ੍ਰਕਿਰਿਆ ਮੁਕੰਮਲ ਨਾ ਕਰਨਾ;

(iv) ਅਧੀਨ ਸੇਵਾਵਾਂ ਚੋਣ ਬੋਰਡ ਜਾਂ ਕਿਸੇ ਹੋਰ ਸੰਸਥਾ ਵੱਲੋਂ ਅਯੋਗ ਕਰਾਰ ਦਿੱਤਾ ਹੋਣਾ;

(v) ਲੋੜੀਂਦੀ ਵਿੱਦਿਅਕ ਯੋਗਤਾ, ਉਮਰ, ਰਾਖਵਾਂਕਰਨ ਜਾਂ ਭਰਤੀ ਦੀ ਕੋਈ ਹੋਰ ਸ਼ਰਤ ਪੂਰੀ ਨਾ ਹੋਣਾ;

(vi) ਆਨਲਾਈਨ ਬਿਨੈ ਕਰਨ ਦੀ ਪ੍ਰਕਿਰਿਆ ਦੀ ਥਾਂ ਕਿਸੇ ਹੋਰ ਪ੍ਰਕਿਰਿਆ ਰਾਹੀਂ ਬਿਨੈ ਕਰਨਾ;

(vii) ਲਿਖਤੀ ਪ੍ਰਿਖਿਆ ਵਿੱਚ ਫੇਲ/ਅਯੋਗ ਹੋਣ ਦੀ ਸਥਿਤੀ ਵਿੱਚ।

(viii) ਬੋਰਡ ਵੱਲੋਂ ਆਯੋਜਿਤ ਕਾਉਂਸਲਿੰਗ ਵਿੱਚ ਗੈਰ-ਹਾਜ਼ਰ ਰਹਿਣ ਦੀ ਸਥਿਤੀ ਵਿੱਚ।

**10. ਬਿਨੈਕਾਰਾਂ ਦੇ ਧਿਆਨ ਹਿੱਤ ਅਤਿ ਜ਼ਰੂਰੀ ਹਦਾਇਤਾਂ:**

(i) ਉਮੀਦਵਾਰਾਂ ਵੱਲੋਂ ਹਾਸਲ ਕੀਤਾ ਗਿਆ ਡਿਗਰੀ/ਡਿਪਲੋਮਾ/ਕੋਰਸ ਸਰਟੀਫਿਕੇਟ ਸਬੰਧਤ ਬੋਰਡ/ਸੰਸਥਾ/ਯੂਨੀਵਰਸਿਟੀ ਵੱਲੋਂ ਸਮੇਂ-ਸਮੇਂ ਤੇ ਜਾਰੀ guidelines/instructions ਅਨੁਸਾਰ ਅਤੇ ਮਾਨਤਾ ਪ੍ਰਾਪਤ ਬੋਰਡ/ਸੰਸਥਾ/ਯੂਨੀਵਰਸਿਟੀ ਤੋਂ ਜਾਰੀ ਕੀਤਾ ਹੋਣਾ ਲਾਜ਼ਮੀ ਹੈ।

(ii) ਮੁੱਢਲੀ ਤਨਖਾਹ ਅਤੇ ਹੋਰ ਭੱਤਿਆਂ ਸਬੰਧੀ ਵਿੱਤ ਵਿਭਾਗ (ਵਿੱਤ ਪ੍ਰਸੋਨਲ-1 ਸ਼ਾਖਾ), ਪੰਜਾਬ ਸਰਕਾਰ ਦਾ ਪੱਤਰ ਨੰ. 7/204/2012-4ਐਫ.ਪੀ.1/66 ਮਿਤੀ 15.01.2015 ਅਤੇ ਇਸ ਸਬੰਧੀ ਸਮੇਂ-ਸਮੇਂ ਤੇ ਜਾਰੀ ਹੋਰ ਹਦਾਇਤਾਂ ਲਾਗੂ ਹੋਣਗੀਆਂ।

(iii) ਉਪਰੋਕਤ ਦਰਸਾਈਆਂ ਅਸਾਮੀਆਂ ਦੀ ਗਿਣਤੀ ਬੋਰਡ ਵੱਲੋਂ ਕਿਸੇ ਵੀ ਸਮੇਂ ਘਟਾਈ ਜਾਂ ਵਧਾਈ ਜਾਂ ਸ਼੍ਰੇਣੀ ਵਿੱਚ ਤਬਦੀਲੀ ਕੀਤੀ ਜਾ ਸਕਦੀ ਹੈ।

(iv) ਇਨ੍ਹਾਂ ਅਸਾਮੀਆਂ ਦੀ ਸ਼੍ਰੇਣੀ ਵਾਈਜ਼ ਵੰਡ ਅਤੇ ਰਾਖਵਾਂਕਰਨ ਉਪਰੋਕਤ ਦਰਸਾਏ ਸਬੰਧਤ ਵਿਭਾਗ ਵੱਲੋਂ ਨਿਰਧਾਰਤ ਕੀਤਾ ਗਿਆ ਹੈ। ਇਨ੍ਹਾਂ ਅਸਾਮੀਆਂ ਲਈ ਹਰ ਸ਼੍ਰੇਣੀ ਲਈ ਰਾਖਵਾਂਕਰਨ ਸਬੰਧਤ ਵਿਭਾਗ/ਪੰਜਾਬ ਸਰਕਾਰ ਦੀਆਂ ਰਾਖਵਾਂਕਰਨ ਸਬੰਧੀ ਨੀਤੀ/ਹਦਾਇਤਾਂ/ਨਿਯਮਾਂ ਅਨੁਸਾਰ ਲਾਗੂ ਹੋਵੇਗਾ। Economic weaker Sections ਲਈ ਰਾਖਵਾਂਕਰਨ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ, ਪੰਜਾਬ ਦੇ ਪੱਤਰ ਨੰ.01/03/2019-ਆਰ.ਸੀ.1/120 ਮਿਤੀ 28 ਮਈ, 2019 ਰਾਹੀਂ ਜਾਰੀ ਹਦਾਇਤਾਂ ਅਤੇ ਇਸ ਸਬੰਧੀ ਭਵਿੱਖ ਵਿੱਚ ਸਮੇਂ ਸਮੇਂ ਤੇ ਹੋਰ ਵੀ ਜਾਰੀ ਕੀਤੀਆਂ ਗਈਆਂ ਹਦਾਇਤਾਂ/ਨਿਯਮਾਂ ਦੇ ਅਨੁਸਾਰ ਲਾਗੂ ਹੋਵੇਗਾ।

(v) ਇਨ੍ਹਾਂ ਅਸਾਮੀਆਂ ਲਈ ਉਮੀਦਵਾਰ ਕੇਵਲ ਬੋਰਡ ਦੀ ਵੈੱਬਸਾਈਟ *https://sssb.punjab.gov.in* ਤੇ ਹੀ ਆਨਲਾਈਨ ਅਪਲਾਈ ਕਰ ਸਕਦੇ ਹਨ। ਇਸ ਤੋਂ ਬਿਨ੍ਹਾਂ ਕਿਸੇ ਵੀ ਵਿਧੀ ਰਾਹੀਂ ਭੇਜੀ ਗਈ ਅਰਜੀ ਰੱਦ ਸਮਝੀ ਜਾਵੇਗੀ।

(vi) ਆਨਲਾਈਨ ਫਾਰਮ ਭਰਨ ਸਮੇਂ ਹੋਈ ਕਿਸੇ ਵੀ ਗਲਤੀ ਲਈ ਉਮੀਦਵਾਰ ਖੁਦ ਜ਼ਿੰਮੇਵਾਰ ਹੋਵੇਗਾ। ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ ਦੀ ਇਸ ਸਬੰਧੀ ਕੋਈ ਜ਼ਿੰਮੇਵਾਰੀ ਨਹੀਂ ਹੋਵਗੀ ਅਤੇ ਨਾ ਹੀ ਕਿਸੇ ਵੀ ਕਾਲਮ ਵਿੱਚ ਸੋਧ ਕੀਤੀ ਜਾਵੇਗੀ। ਉਮੀਦਵਾਰ ਵਲੋਂ ਇੱਕ ਵਾਰ ਭਰਿਆ ਗਿਆ ਡਾਟਾ ਕਿਸੇ ਵੀ ਹਾਲਤ ਵਿੱਚ ਬਦਲਣ ਦੀ ਆਗਿਆ ਨਹੀਂ ਹੋਵੇਗੀ।

(vii) ਉਮੀਦਵਾਰ ਨੂੰ ਇਹ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਇਨ੍ਹਾਂ ਅਸਾਮੀਆਂ ਲਈ ਖੁਦ ਆਨਲਾਈਨ ਅਪਲਾਈ ਕਰਨ। ਉਮੀਦਵਾਰ ਵੱਲੋਂ ਫਾਰਮ ਭਰਨ ਲਈ ਕਿਸੇ ਹੋਰ ਵਿਅਕਤੀ/ਸਾਈਬਰ ਕੈਫੇ ਅਟੈਂਡੈਂਟ ਦੀ ਮੱਦਦ ਲੈਣ ਦੀ ਸਥਿਤੀ ਵਿੱਚ ਕੋਈ ਵੀ ਗਲਤੀ ਹੋ ਜਾਣ ਉਪਰੰਤ ਕਿਸੇ ਵੀ ਹਾਲਤ ਵਿੱਚ ਫਾਰਮ ਦੇ ਕਿਸੇ ਵੀ ਕਾਲਮ ਵਿੱਚ ਸੋਧ ਨਹੀਂ ਕੀਤੀ ਜਾਵੇਗੀ।

(viii) ਉਮੀਦਵਾਰ ਵੱਲੋਂ ਅਧੂਰਾ ਫਾਰਮ ਭਰਨ ਜਾਂ ਆਨਲਾਈਨ ਬਿਨੈ ਕਰਨ ਦੀ ਪ੍ਰਕਿਰਿਆ ਪੂਰੀ ਨਾ ਕਰਨ ਜਾਂ ਪੂਰੀ ਫੀਸ ਨਾ ਭਰ ਸਕਣ ਜਾਂ ਲੋੜੀਂਦੇ ਦਸਤਾਵੇਜ਼ ਅਪਲੋਡ ਨਾ ਕਰਨ ਦੀ ਸਥਿਤੀ ਵਿੱਚ ਉਸਦਾ ਬਿਨੈ-ਪੱਤਰ ਸਵੀਕਾਰ ਨਹੀਂ ਕੀਤਾ ਜਾਵੇਗਾ ਅਤੇ ਉਸਨੂੰ ਇਨ੍ਹਾਂ ਅਸਾਮੀਆਂ ਲਈ ਉਮੀਦਵਾਰ ਨਹੀਂ ਮੰਨਿਆ ਜਾਵੇਗਾ।

(ix) ਆਨਲਾਈਨ ਅਪਲਾਈ ਕਰਨ ਸਮੇਂ ਉਮੀਦਵਾਰ ਦਰਸਾਈਆਂ ਹਦਾਇਤਾਂ ਮੁਤਾਬਕ ਲੋੜੀਂਦੇ ਸਰਟੀਫਿਕੇਟ ਸਕੈਨ ਕਰਕੇ ਵੈੱਬਸਾਈਟ ਤੇ ਨਾਲ ਹੀ ਅਪਲੋਡ ਕਰਨਗੇ।

(x) ਉਮੀਦਵਾਰਾਂ ਨੂੰ ਇਹ ਹਦਾਇਤ ਕੀਤੀ ਜਾਂਦੀ ਹੈ ਕਿ ਭਰਤੀ ਸਬੰਧੀ ਹਰ ਤਰ੍ਹਾਂ ਦੀ ਜਾਣਕਾਰੀ ਜਿਵੇਂ ਕਿ ਲਿਖਤੀ ਪ੍ਰਿਖਿਆ ਦਾ ਸ਼ਡਿਊਲ/ਮਿਤੀ, Admit Card, ਨਤੀਜਾ, Merit List, ਕਾਉਂਸਲਿੰਗ ਅਤੇ ਹੋਰ ਮਹੱਤਵਪੂਰਨ ਮਿਤੀਆਂ ਅਤੇ ਭਰਤੀ ਪ੍ਰਕਿਰਿਆ ਸਬੰਧੀ ਭਵਿੱਖ ਵਿੱਚ ਸਮੇਂ-ਸਮੇਂ ਤੇ ਜਾਰੀ ਹੋਣ ਵਾਲੀ ਹਰ ਤਰ੍ਹਾਂ ਦੀ ਜਾਣਕਾਰੀ/ਨੋਟਿਸ/ਤਬਦੀਲੀ ਸਿਰਫ ਬੋਰਡ ਦੀ ਵੈੱਬਸਾਈਟ ਤੇ ਹੀ ਅਪਲੋਡ (upload) ਕੀਤੀ ਜਾਵੇਗੀ। ਇਸ ਸਬੰਧੀ ਉਮੀਦਵਾਰਾਂ ਨੂੰ

(xi) ਵੱਖਰੇ ਤੌਰ ਤੇ ਕੋਈ ਸੂਚਨਾ ਨਹੀਂ ਭੇਜੀ ਜਾਵੇਗੀ। ਸੋ ਜਦ ਤੱਕ ਭਰਤੀ ਪ੍ਰਕਿਰਿਆ ਮੁਕੰਮਲ ਨਹੀਂ ਹੋ ਜਾਂਦੀ ਤਦ ਤੱਕ ਉਮੀਦਵਾਰਾਂ ਨੂੰ Updates ਲਈ ਬੋਰਡ ਦੀ ਵੈੱਬਸਾਈਟ ਲਾਜ਼ਮੀ ਤੌਰ ਤੇ ਲਗਾਤਾਰ ਚੈੱਕ ਕਰਦੇ ਰਹਿਣਾ ਹੋਵੇਗਾ। ਅਜਿਹਾ ਨਾ ਕਰਨ ਦੀ ਸਥਿਤੀ ਵਿੱਚ ਉਮੀਦਵਾਰਾਂ ਨੂੰ ਹੋਣ ਵਾਲੇ ਕਿਸੇ ਵੀ ਨੁਕਸਾਨ ਦੀ ਜਿੰਮੇਵਾਰੀ ਅਧੀਨ ਸੇਵਾਵਾਂ ਚੋਣ ਬੋਰਡ ਦੀ ਨਹੀਂ ਹੋਵੇਗੀ ਅਤੇ ਨਾ ਹੀ ਇਸ ਸਬੰਧੀ ਕੋਈ ਸੁਣਵਾਈ ਦਾ ਮੌਕਾ ਦਿੱਤਾ ਜਾਵੇਗਾ।

(xii) ਉਮੀਦਵਾਰ ਸ਼੍ਰੇਣੀ ਅਤੇ ਇਸਦੇ ਕੋਡ ਦਾ ਧਿਆਨ ਰੱਖਦੇ ਹੋਏ ਆਨਲਾਈਨ ਫਾਰਮ ਧਿਆਨ ਨਾਲ ਭਰਨ ਕਿਉਂਕਿ ਕਿਸੇ ਵੀ ਸਟੇਜ ਤੇ ਸ਼੍ਰੇਣੀ ਅਤੇ ਸ਼੍ਰੇਣੀ-ਕੋਡ ਤਬਦੀਲ ਨਹੀਂ ਕੀਤਾ ਜਾ ਸਕੇਗਾ।

(xiii) ਵੱਖ-ਵੱਖ ਵਰਗਾਂ/ਸ਼੍ਰੇਣੀਆਂ ਦੀਆਂ ਅਸਾਮੀਆਂ ਉਸ ਵਰਗ/ਸ਼੍ਰੇਣੀ ਵਿੱਚ ਅਸਾਮੀਆਂ ਦੀ ਉਪਲੱਬਤਾ ਅਨੁਸਾਰ ਭਰੀਆਂ ਜਾਣਗੀਆਂ।

(xiv) ਆਨਲਾਈਨ ਅਪਲਾਈ ਕਰਨ ਜਾਂ ਮੈਰਿਟ ਸੂਚੀ ਵਿੱਚ ਨਾਮ ਆਉਣ ਜਾਂ ਕਾਉਂਸਲਿੰਗ ਲਈ ਬੁਲਾਏ ਜਾਣ ਨਾਲ ਉਮੀਦਵਾਰ ਅਸਾਮੀ ਲਈ ਸਿਫਾਰਸ਼ ਹੋਣ ਦਾ ਅਧਿਕਾਰੀ ਨਹੀਂ ਬਣ ਜਾਵੇਗਾ। ਲਿਖਤੀ ਪ੍ਰੀਖਿਆ ਪਾਸ ਕਰਨ ਅਤੇ ਅਸਾਮੀ ਲਈ ਹਰ ਲੋੜੀਂਦੀ ਯੋਗਤਾ ਪੂਰੀ ਕਰਨ ਤੇ ਅਸਾਮੀਆਂ ਦੀ ਉਪਲਬਧਤਾ ਮੁਤਾਬਕ ਹੀ ਉਮੀਦਵਾਰ ਦਾ ਨਾਮ ਸਬੰਧਤ ਵਿਭਾਗ ਨੂੰ ਸਿਫਾਰਸ਼ ਕੀਤਾ ਜਾਵੇਗਾ। ਤੈਅ ਸਮੇਂ-ਸੀਮਾ ਅੰਦਰ ਆਪਣੀ ਯੋਗਤਾ ਸਿੱਧ ਨਾ ਕਰ ਸਕਣ ਦੀ ਸਥਿਤੀ ਵਿੱਚ ਉਮੀਦਵਾਰ ਦੀ ਪਾਤਰਤਾ ਰੱਦ ਕਰ ਦਿੱਤੀ ਜਾਵੇਗੀ ਅਤੇ ਇਸ ਸਬੰਧੀ ਬੋਰਡ ਵੱਲੋਂ ਲਿਆ ਗਿਆ ਫੈਸਲਾ ਅੰਤਿਮ ਹੋਵੇਗਾ।

(xv) ਉਮੀਦਵਾਰ ਵੱਲੋਂ ਭਰਤੀ ਦੀ ਕਿਸੇ ਵੀ ਸਟੇਜ ਤੇ ਉਪਲਬਧ ਕਰਵਾਏ ਗਏ ਕਿਸੇ ਵੀ ਦਸਤਾਵੇਜ ਦੇ ਗਲਤ ਸਾਬਤ ਹੋਣ ਤੇ ਉਸਦਾ ਨਾਮ ਮੈਰਿਟ ਸੂਚੀ ਵਿੱਚੋਂ ਕੱਢ ਦਿੱਤਾ ਜਾਵੇਗਾ ਅਤੇ ਉਸਦੀ ਪਾਤਰਤਾ ਰੱਦ ਕਰ ਦਿੱਤੀ ਜਾਵੇਗੀ। ਅਜਿਹੇ ਉਮੀਦਵਾਰ ਵਿਰੁੱਧ ਨਿਯਮਾਂ ਅਨੁਸਾਰ ਕਾਨੂੰਨੀ ਕਾਰਵਾਈ ਵੀ ਆਰੰਭੀ ਜਾ ਸਕਦੀ ਹੈ।

(xvi) ਉਮੀਦਵਾਰ ਇਹ ਵੀ ਤਸਦੀਕ ਕਰਨਗੇ ਕਿ ਉਹ ਉਪਰੋਕਤ ਅਸਾਮੀਆਂ ਸਬੰਧੀ ਲੋੜੀਂਦੀ ਯੋਗਤਾ ਅਤੇ ਨਿਰਧਾਰਤ ਸ਼ਰਤਾਂ ਪੂਰੀਆਂ ਕਰਦਾ ਹੈ। ਉਮੀਦਵਾਰ ਵੱਲੋਂ ਕਾਉਂਸਲਿੰਗ ਸਮੇਂ ਅਸਲ ਦਸਤਾਵੇਜ ਦੇ ਆਧਾਰ ਤੇ ਉਮਰ, ਵਿੱਦਿਅਕ ਯੋਗਤਾ ਅਤੇ ਲੋੜੀਂਦੇ ਦਸਤਾਵੇਜ ਸਬੰਧੀ ਤਸਦੀਕ ਕਰਨੀ ਹੋਵੇਗੀ ਅਤੇ ਆਪਣੇ ਰਾਖਵਾਂਕਰਨ ਦੇ ਸਰਟੀਫਿਕੇਟ ਵੀ ਪੇਸ਼ ਕਰਨੇ ਹੋਣਗੇ। ਇਨ੍ਹਾਂ ਦਸਤਾਵੇਜਾਂ ਦੇ ਹਰ ਪੱਖੋਂ ਸਹੀ ਸਿੱਧ ਹੋਣ ਅਤੇ ਲੋੜੀਂਦੀਆਂ ਸ਼ਰਤਾਂ/ਯੋਗਤਾਵਾਂ ਪੂਰੀਆਂ ਕਰਨ, ਉਸਦੀ ਪਾਤਰਤਾ ਸਿੱਧ ਹੋਣ ਅਤੇ ਅਸਾਮੀਆਂ ਦੀ ਉਪਲਬਧਤਾ ਹੋਣ ਦੀ ਸਥਿਤੀ ਵਿੱਚ ਹੀ ਉਮੀਦਵਾਰ ਦਾ ਨਾਮ ਸਬੰਧਤ ਵਿਭਾਗ ਨੂੰ ਸਿਫਾਰਸ਼ ਕੀਤਾ ਜਾਵੇਗਾ।

(xvii) ਉਮੀਦਵਾਰ ਕਾਉਂਸਲਿੰਗ ਸਮੇਂ ਲੋੜੀਂਦੀ ਵਿੱਦਿਅਕ ਯੋਗਤਾ ਅਤੇ ਤਕਨੀਕੀ ਯੋਗਤਾ ਨਾਲ ਸਬੰਧਤ ਆਪਣੇ ਸਰਟੀਫਿਕੇਟ ਅਤੇ ਉਨ੍ਹਾਂ ਦੀਆਂ ਤਸਦੀਕਸ਼ੁਦਾ ਕਾਪੀਆਂ ਪੇਸ਼ ਕਰਨਗੇ। ਇਹ ਸਾਰੇ ਦਸਤਾਵੇਜ਼ ਅਪਲਾਈ ਕਰਨ ਦੀ ਅੰਤਿਮ ਮਿਤੀ ਤੋਂ ਪਹਿਲਾਂ ਦੇ ਹੋਣੇ ਚਾਹੀਦੇ ਹਨ। ਕਾਉਂਸਲਿੰਗ ਸਮੇਂ ਕਿਸੇ ਵੀ ਲੋੜੀਂਦੇ ਦਸਤਾਵੇਜ ਦੀ ਅਣਹੋਂਦ ਵਿੱਚ ਉਮੀਦਵਾਰ ਨੂੰ ਉਪਰੋਕਤ ਅਸਾਮੀਆਂ ਲਈ ਨਹੀਂ ਵਿਚਾਰਿਆ ਜਾਵੇਗਾ ਅਤੇ ਮੈਰਿਟ ਲਿਸਟ ਵਿੱਚ ਮੌਜੂਦ ਅਗਲੇ ਯੋਗ ਉਮੀਦਵਾਰ ਨੂੰ ਵਿਚਾਰਦੇ ਹੋਏ ਉਸਦਾ ਨਾਮ ਸਬੰਧਤ ਵਿਭਾਗ ਨੂੰ ਸਿਫਾਰਸ਼ ਕਰ ਦਿੱਤਾ ਜਾਵੇਗਾ।

(xviii) ਲਿਖਤੀ ਪ੍ਰਿਖਿਆ/ਕਾਉਂਸਲਿੰਗ ਲਈ ਆਉਣ ਵਾਲੇ ਉਮੀਦਵਾਰਾਂ ਨੂੰ ਕੋਈ ਟੀ.ਏ./ਡੀ.ਏ. ਅਦਾ ਨਹੀਂ ਕੀਤਾ ਜਾਵੇਗਾ।

(xix) ਉਮੀਦਵਾਰ ਦੁਆਰਾ ਇੱਕ ਵਾਰ ਅਦਾ ਕੀਤੀ ਫੀਸ ਬੋਰਡ/ਬੈਂਕ ਦੁਆਰਾ ਕਿਸੇ ਵੀ ਸਥਿਤੀ ਵਿੱਚ ਵਾਪਸ ਨਹੀਂ ਕੀਤੀ ਜਾਵੇਗੀ।

(xx) ਇਸ ਭਰਤੀ ਸਬੰਧੀ ਬੋਰਡ ਦੁਆਰਾ ਭਵਿੱਖ ਵਿੱਚ ਜਾਰੀ ਕੀਤੀ ਕੋਈ ਵੀ ਸੋਧ/ਨੋਟਿਸ/Corrigendum ਜਾਂ ਪੰਜਾਬ ਸਰਕਾਰ ਦੁਆਰਾ ਸਮੇਂ-ਸਮੇਂ ਤੇ ਜਾਰੀ ਹਦਾਇਤਾਂ/ਨਿਯਮ ਇਸ ਭਰਤੀ ਤੇ ਲਾਗੂ ਹੋਣਗੇ ਅਤੇ ਉਮੀਦਵਾਰ ਇਸਦੀ ਪਾਲਣਾ ਕਰਨੀ ਯਕੀਨੀ ਬਣਾਉਣਗੇ।

(xxi) ਇਸ ਭਰਤੀ ਸਬੰਧੀ ਕਿਸੇ ਵੀ ਤਰ੍ਹਾਂ ਦੀ ਤਬਦੀਲੀ/ਸੋਧ ਕਰਨ ਦਾ ਅਧਿਕਾਰ ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ ਪਾਸ ਰਾਖਵਾਂ ਹੋਵੇਗਾ ਅਤੇ ਕਿਸੇ ਵੀ ਮਾਮਲੇ/ਵਿਸ਼ੇ ਸਬੰਧੀ ਬੋਰਡ ਜਾਂ ਬੋਰਡ ਦੁਆਰਾ ਗਠਿਤ ਕੀਤੀ ਕਮੇਟੀ ਦਾ ਫੈਸਲਾ ਅੰਤਿਮ ਅਤੇ ਸਾਰੇ ਉਮੀਦਵਾਰਾਂ ਤੇ ਲਾਗੂ ਹੋਵੇਗਾ।

(xxii) ਉਪਰੋਕਤ ਦਰਸਾਈਆਂ ਅਸਾਮੀਆਂ ਦੀਆਂ ਸ਼ਰਤਾਂ/ਨਿਯਮ/ਰਾਖਵਾਂਕਰਨ ਸਬੰਧਤ ਵਿਭਾਗ ਦੁਆਰਾ ਮੁਹੱਈਆ ਕਰਵਾਈ ਗਈ ਸੂਚਨਾ/ਜਾਣਕਾਰੀ ਤੇ ਅਧਾਰਿਤ ਹਨ। ਇਸ ਸਬੰਧੀ ਹਰ ਤਰ੍ਹਾਂ ਦੀ ਜਿੰਮੇਵਾਰੀ ਸਬੰਧਤ ਵਿਭਾਗ ਦੀ ਹੋਵੇਗੀ।

(xxiii) ਇਨ੍ਹਾਂ ਅਸਾਮੀਆਂ ਲਈ ਆਨਲਾਈਨ ਬਿਨੈ (Online Apply) ਕਰਨ ਸਬੰਧੀ ਕੋਈ ਮੁਸ਼ਕਲ/ਔਕੜ (Technical issue) ਆਉਣ ਤੇ email ਰਾਹੀਂ helpsssb.pb@gmail.com ਤੇ ਸੰਪਰਕ ਕੀਤਾ ਜਾ ਸਕਦਾ ਹੈ।

(xxiv) ਇਸ ਭਰਤੀ ਸਬੰਧੀ ਹੋਰ ਜਾਣਕਾਰੀ ਪ੍ਰਾਪਤ ਕਰਨ ਲਈ ਕਿਸੇ ਵੀ ਕੰਮ-ਕਾਜ ਵਾਲੇ ਦਿਨ 10.00 am ਤੋਂ 04.00 pm ਦਫਤਰ ਦੇ ਟੈਲੀਫੋਨ ਨੰ. 0172-2298000 (Extension No. 5106 and 5107) ਅਤੇ 0172-2298083 ਤੇ ਸੰਪਰਕ ਕੀਤਾ ਜਾ ਸਕਦਾ ਹੈ।

(xxv) ਇਸ ਇਸ਼ਤਿਹਾਰ/ਭਰਤੀ ਸਬੰਧੀ ਜੇਕਰ ਕੋਈ ਤਰੁੱਟੀ ਧਿਆਨ ਵਿੱਚ ਆਉਂਦੀ ਹੈ ਤਾਂ ਉਸ ਨੂੰ ਸੁਧਾਰਨ ਦਾ ਹੱਕ ਬੋਰਡ ਕੋਲ ਰਾਖਵਾਂ ਹੋਵੇਗਾ।

ਨੋਟ: ਇਨ੍ਹਾਂ ਅਸਾਮੀਆਂ ਦੇ ਲਿਖਤੀ ਸਿਲੇਬਸ ਸਬੰਧੀ ਜਾਣਕਾਰੀ ਬਾਅਦ ਵਿੱਚ ਅਧੀਨ ਸੇਵਾਵਾਂ ਚੋਣ ਦੀ ਬੋਰਡ ਦੀ ਵੈਬਸਾਈਟ ਉੱਤੇ ਉਪਲਬੱਧ ਕਰਵਾ ਦਿੱਤੀ ਜਾਵੇਗੀ।

Sd/-

**ਸਥਾਨ: ਐਸ.ਏ.ਐਸ. ਨਗਰ** **ਸਕੱਤਰ**

**ਮਿਤੀ: 12/07/2025** **ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ**